ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ 'ਤੇ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.) ਪ੍ਰਕਿਰਿਆ ਦੀ ਜ਼ਿਲ੍ਹੇ ਵਿਚ ਸਮੀਖਿਆ ਲਈ ਰਾਜ ਦੇ ਮੁੱਖ ਚੋਣ ਅਧਿਕਾਰੀ ਵਲੋਂ ਨਿਯੁਕਤ ਕੀਤੇ ਰੋਲ ਅਬਜ਼ਰਵਰ ਪੰਜਾਬ ਦੇ ਸੀਨੀਅਰ ਆਈ.ਏ.ਐਸ. ਅਧਿਕਾਰੀ ਅਤੇ

• ਵੋਟਰਾਂ ਅਤੇ ਬੂਥ ਲੈਵਲ ਏਜੰਟਾਂ ਦੇ ਸਹਿਯੋਗ ਨਾਲ ਸੁਚੱਜੇ ਢੰਗ ਨਾਲ ਨੇਪਰੇ ਚੜ੍ਹੇਗੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ

ਸਕੱਤਰ ਲੋਕਪਾਲ ਡੀ.ਐਸ.ਮਾਂਗਟ ਨੇ ਅੱਜ ਇਥੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਆਸ਼ਿਕਾ ਜੈਨ ਦੀ ਮੌਜੂਦਗੀ ਵਿਚ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਐਸ.ਆਈ.ਆਰ. ਲਈ ਤਾਇਨਾਤ ਅਮਲੇ ਨਾਲ ਗੱਲਬਾਤ ਕਰਕੇ ਸਮੁੱਚੀ ਪ੍ਰਕਿਰਿਆ ਦਾ ਜਾਇਜ਼ਾ ਲਿਆ।

ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਰੋਲ ਅਬਜ਼ਰਵਰ ਡੀ.ਐਸ.ਮਾਂਗਟ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ, ਵਧੀਕ ਡਿਪਟੀ ਕਮਿਸ਼ਨਰ, ਨਗਰ ਨਿਗਮ ਦੇ ਕਮਿਸ਼ਨਰ, ਐਸ.ਡੀ.ਐਮਜ਼-ਕਮ-ਚੋਣਕਾਰ ਰਜਿਸਟ੍ਰੇਸ਼ਨ ਅਧਿਕਾਰੀਆਂ ਅਤੇ ਸੈਕਟਰ ਅਧਿਕਾਰੀਆਂ ਨਾਲ ਗੱਲਬਾਤ ਦੌਰਾਨ ਤਾਕੀਦ ਕੀਤੀ ਕਿ ਕਿਸੇ ਵੀ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿਚ ਦਰਜ ਹੋਣ ਤੋਂ ਨਾ ਰਹਿ ਜਾਵੇ। ਉਨ੍ਹਾਂ ਕਿਹਾ ਕਿ ਡਰਾਫਟ ਵੋਟਰ ਸੂਚੀ ਵਿਚ ਜੇਕਰ ਕਿਸੇ ਯੋਗ ਵੋਟਰ ਦਾ ਨਾਮ ਕਿਸੇ ਕਾਰਨ ਨਹੀਂ ਆਇਆ ਤਾਂ ਉਹ ਸਬੰਧਤ ਅਧਿਕਾਰੀਆਂ ਕੋਲ 12 ਸਤੰਬਰ ਤੱਕ ਲੋੜੀਂਦੇ ਦਸਤਾਵੇਜ਼ ਜਮ?ਹਾਂ ਕਰਵਾ ਕੇ ਆਪਣੀ ਵੋਟ ਯਕੀਨੀ ਬਣਾ ਸਕਦੇ ਹਨ ਕਿਉਂਕਿ ਚੋਣ ਕਮਿਸ਼ਨ ਵਲੋਂ ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾਂ ਉਪਰੰਤ ਦਾਅਵੇ ਅਤੇ ਇਤਰਾਜ ਲਈ 12 ਸਤੰਬਰ ਤੱਕ ਦਾ ਸਮਾਂ ਮੁਕੱਰਰ ਕੀਤਾ ਗਿਆ ਹੈ। ਉਨ੍ਹਾਂ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਉਨ੍ਹਾਂ ਵਲੋਂ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟਾਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਉਹ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਪੁੱਜਦੇ ਕਰਨ ਨੂੰ ਤਰਜ਼ੀਹ ਦੇਣ ਤਾਂ ਜੋ ਕਿਸੇ ਵੀ ਯੋਗ ਵਿਅਕਤੀ ਦੀ ਕਿਸੇ ਵੀ ਕਾਰਨ ਕਰਕੇ ਵੋਟ ਨਾ ਕੱਟੀ ਜਾਵੇ। ਉਨ੍ਹਾਂ ਨੇ ਕਿਹਾ ਕਿ ਐਸ.ਆਈ.ਆਰ. ਪ੍ਰਕਿਰਿਆ ਲਈ ਤਾਇਨਾਤ ਸਮੁੱਚੇ ਅਮਲੇ ਖਾਸ ਕਰ ਬੀ.ਐਲ.ਓਜ਼ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ ਤਾਂ ਜੋ ਉਹ ਸੁਚੱਜੇ ਢੰਗ ਨਾਲ ਸਮੁੱਚੀ ਪ੍ਰਕਿਰਿਆ ਨੂੰ ਤੈਅ ਸਮੇਂ ਅੰਦਰ ਨੇਪਰੇ ਚਾੜ੍ਹ ਸਕੇ। ਉਨ੍ਹਾਂ ਕਿਹਾ ਕਿ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਣਾ ਹੈ ਜਿਸ ਉਪਰੰਤ 12 ਅਕਤੂਬਰ 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ।



ਰੋਲ ਅਬਜ਼ਰਵਰ ਡੀ.ਐਸ. ਮਾਂਗਟ ਨੇ ਦੱਸਿਆ ਕਿ ਵੋਟਰ ਲੋੜੀਂਦੇ ਫਾਰਮ ਭਾਰਤ ਚੋਣ ਕਮਿਸ਼ਨ ਦੇ ਵੋਟਰ ਸੇਵਾਵਾਂ ਪੋਰਟਲ voters.eci.gov.in ਰਾਹੀਂ ਜਾਂ ਚੋਣ ਕਮਿਸ਼ਨ ਦੀ ਮੋਬਾਇਲ ਐਪ ECINET ਰਾਹੀਂ ਜਮ੍ਹਾਂ ਕਰਵਾ ਸਕਦੇ ਹਨ। ਇਸ ਦੌਰਾਨ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਬੀ.ਐਲ.ਓਜ਼ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿਚ ਐਸ.ਆਈ.ਆਰ. ਦੀ ਸਮੁੱਚੀ ਪ੍ਰਕਿਰਿਆ ਬੇਹੱਦ ਵਧੀਆ ਢੰਗ ਨਾਲ ਚੱਲ ਰਹੀ ਹੈ ਅਤੇ ਉਨ੍ਹਾਂ ਵਲੋਂ ਵੀ ਸਬੰਧਤ ਅਮਲੇ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ। ਸਿਆਸੀ ਪਾਰਟੀਆਂ ਨੇ ਨੁਮਾਇੰਦਿਆਂ ਵਲੋਂ ਕੀਤੇ ਗਏ ਸਵਾਲਾਂ ਦਾ ਜਵਾਬ ਰੋਲ ਅਬਜ਼ਰਵਰ ਡੀ.ਐਸ.ਮਾਂਗਟ ਨੇ ਵਿਸਥਾਰ ਵਿਚ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਵੀ ਨਾਗਰਿਕ ਨੂੰ ਐਸ.ਆਈ.ਆਰ ਜਾਂ ਵੋਟ ਸਬੰਧੀ ਕੋਈ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਹ ਜ਼ਿਲ੍ਹਾ ਚੋਣ ਦਫ਼ਤਰ ਨਾਲ ਤੁਰੰਤ ਸੰਪਰਕ ਕਰਕੇ ਆਪਣੀ ਸਮੱਸਿਆ ਦਾ ਹੱਲ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵੋਟਰਾਂ ਨੂੰ ਕਿਸੇ ਦਸਤਾਵੇਜ਼ ਦੀ ਘਾਟ ਕਾਰਨ ਨੋਟਿਸ ਪ੍ਰਾਪਤ ਹੋਇਆ ਹੈ ਤਾਂ ਉਹ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਮੰਗੇ ਗਏ ਦਸਤਾਵੇਜ਼ ਜਮ?ਹਾਂ ਕਰਵਾਉਣ ਨੂੰ ਤਰਜ਼ੀਹ ਦੇਣ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜੇਕਰ ਕੋਈ ਵੋਟਰ ਖ਼ੁਦ ਸੁਣਵਾਈ ਲਈ ਹਾਜ਼ਰ ਹੋਣ ਦੇ ਸਮਰੱਥ ਨਹੀਂ ਹੈ ਤਾਂ ਉਹ ਅਧਿਕਾਰਤ ਪੱਤਰ ਰਾਹੀਂ ਆਪਣੇ ਪ੍ਰਤੀਨਿਧੀ ਨੂੰ ਨਿਯੁਕਤ ਕਰ ਸਕਦਾ ਹੈ। ਅਧਿਕਾਰਤ ਵਿਅਕਤੀ ਨੋਟਿਸ ਵਿੱਚ ਦਰਜ ਸਮੇਂ ਅਤੇ ਸਥਾਨ 'ਤੇ ਵੋਟਰ ਦੀ ਤਰਫੋਂ ਲੋੜੀਂਦੇ ਦਸਤਾਵੇਜ਼ ਪੇਸ਼ ਕਰ ਸਕਦਾ ਹੈ। ਅਧਿਕਾਰਤ ਪੱਤਰ ਸਬੰਧਤ ਬੀ.ਐਲ.ਓ. ਜਾਂ ਚੋਣ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ ਤੋਂ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ।

ਰੋਲ ਅਬਜ਼ਰਵਰ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦੇ, ਜਿਨ੍ਹਾਂ ਵਿਚ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਭਾਜਪਾ ਤੋਂ ਭੂਸ਼ਨ ਸ਼ਰਮਾ, ਸੀ.ਪੀ.ਆਈ. (ਐਮ) ਗੁਰਮੇਲ ਸਿੰਘ, ਸ਼?ਰੋਮਣੀ ਅਕਾਲੀ ਦਲ (ਬ) ਪ੍ਰੇਮ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਡਾ. ਸ਼ਿਵਾਨੀ ਅਰੋੜਾ, ਭਾਜਪਾ ਤੋਂ ਡੀ.ਐਸ. ਬਾਗੀ, ਆਮ ਆਦਮੀ ਪਾਰਟੀ ਤੋਂ ਹਰਦੀਪ ਸਿੰਘ ਧਾਮੀ ਅਤੇ ਡਾ. ਪੰਕਜ ਸ਼ਿਵ ਸ਼ਾਮਲ ਸਨ, ਨਾਲ ਜ਼ਿਲ੍ਹੇ ਵਿਚ ਚੱਲ ਰਹੀ ਐਸ.ਆਈ.ਆਰ. ਪ੍ਰਕਿਰਿਆ ਬਾਰੇ ਵਿਸਥਾਰ ਵਿਚ ਗੱਲਬਾਤ ਕੀਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਿਧੀ ਕੁਮੁਦ ਬੰਬਾਹ, ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ, ਸਮੂਹ ਐਸ.ਡੀ.ਐਮਜ਼?, ਚੋਣ ਤਹਿਸੀਲਦਾਰ ਰਮਨਦੀਪ ਕੌਰ ਅਤੇ ਹੋਰ ਅਧਿਕਾਰੀ ਮੌਜੂਦ ਸਨ।

ਵਿਧਾਇਕ ਜਿੰਪਾ ਨੇ ਆਮ ਆਦਮੀ ਕਲੀਨਿਕਾਂ 'ਚ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਲਿਆ ਜਾਇਜ਼ਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਸ਼ਿਮਲਾ ਪਹਾੜੀ ਚੌਕ ਦੇ ਨੇੜੇ ਸਥਿਤ ਆਮ ਆਦਮੀ ਕਲੀਨਿਕ ਨਗਰ ਨਿਗਮ ਦਾ ਦੌਰਾ ਕਰਕੇ ਉੱਥੇ ਉਪਲਬਧ ਸਿਹਤ ਸਹੂਲਤਾਂ ਅਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਕਲੀਨਿਕ ਵਿੱਚ ਆਉਣ

• ਆਮ ਆਦਮੀ ਕਲੀਨਿਕ ਨਗਰ ਨਿਗਮ ਦਾ ਕੀਤਾ ਦੌਰਾ

ਵਾਲੇ ਮਰੀਜ਼ਾਂ ਨਾਲ ਗੱਲਬਾਤ ਕਰਕੇ ਸਹੂਲਤਾਂ ਸਬੰਧੀ ਜਾਣਕਾਰੀ ਵੀ ਹਾਸਲ ਕੀਤੀ ਅਤੇ ਸਟਾਫ ਤੋਂ ਸਿਹਤ ਸੇਵਾਵਾਂ ਦੀ ਸਥਿਤੀ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ।



ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਗਸਤ 2022 ਵਿੱਚ ਸ਼ੁਰੂ ਕੀਤੇ ਗਏ ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਗੁਣਵੱਤਾਪੂਰਨ ਅਤੇ ਮੁਫ਼ਤ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਇਸ ਸਮੇਂ 77 ਆਮ ਆਦਮੀ ਕਲੀਨਿਕ ਚੱਲ ਰਹੇ ਹਨ, ਜਦਕਿ ਹੁਸ਼ਿਆਰਪੁਰ ਸ਼ਹਿਰ ਵਿੱਚ 9 ਕਲੀਨਿਕ ਹਨ, ਜਿਨ੍ਹਾਂ ਵਿੱਚ ਜ਼ਿਲ੍ਹਾ ਜੇਲ੍ਹ ਵਿੱਚ ਸਥਾਪਿਤ ਕਲੀਨਿਕ ਵੀ ਸ਼ਾਮਲ ਹੈ।

ਉਨ੍ਹਾਂ ਦੱਸਿਆ ਕਿ ਹਰੇਕ ਆਮ ਆਦਮੀ ਕਲੀਨਿਕ ਵਿੱਚ ਐਮ.ਬੀ.ਬੀ.ਐੱਸ. ਡਾਕਟਰ ਵਜੋਂ ਮੈਡੀਕਲ ਅਫ਼ਸਰ, ਬੀ.ਐੱਸ.ਸੀ. ਨਰਸਿੰਗ ਪੱਧਰ ਦਾ ਕਲੀਨਿਕਲ ਅਸਿਸਟੈਂਟ, ਫਾਰਮੇਸੀ ਅਫ਼ਸਰ ਅਤੇ ਹੈਲਪਰ ਤਾਇਨਾਤ ਹਨ। ਕਲੀਨਿਕਾਂ ਵਿੱਚ ਲਗਭਗ 50 ਕਿਸਮ ਦੇ ਖ਼ੂਨ ਦੇ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ। ਮਰੀਜ਼ਾਂ ਦੇ ਸੈਂਪਲ ਕਲੀਨਿਕ ਵਿੱਚ ਹੀ ਇਕੱਠੇ ਕਰਕੇ ਜਾਂਚ ਲਈ ਲੈਬਾਰਟਰੀ ਭੇਜੇ ਜਾਂਦੇ ਹਨ। ਇਸ ਤੋਂ ਇਲਾਵਾ ਲਗਭਗ 107 ਕਿਸਮ ਦੀਆਂ ਦਵਾਈਆਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਬਲੱਡ ਪ੍ਰੈਸ਼ਰ, ਸ਼ੂਗਰ, ਇਨਫੈਕਸ਼ਨ ਅਤੇ ਹੋਰ ਆਮ ਬਿਮਾਰੀਆਂ ਦੀਆਂ ਦਵਾਈਆਂ ਸ਼ਾਮਲ ਹਨ। ਕੁੱਤੇ ਦੇ ਕੱਟਣ ਦੀ ਸਥਿਤੀ ਵਿੱਚ ਦਿੱਤੀ ਜਾਣ ਵਾਲੀ ਐਂਟੀ-ਰੇਬੀਜ਼ ਵੈਕਸੀਨ ਦੀ ਸਹੂਲਤ ਵੀ ਉਪਲਬਧ ਹੈ।

ਵਿਧਾਇਕ ਨੇ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿੱਚ ਸ਼ੂਗਰ, ਲੀਵਰ ਅਤੇ ਕਿਡਨੀ ਨਾਲ ਸਬੰਧਤ ਬਿਮਾਰੀਆਂ, ਥਾਇਰਾਇਡ ਸਮੇਤ ਵੱਖ-ਵੱਖ ਜਾਂਚਾਂ ਦੇ ਨਾਲ-ਨਾਲ ਹਾਈਪਰਟੈਂਸ਼ਨ ਅਤੇ ਸ਼ੂਗਰ ਦੀ ਸਕ੍ਰੀਨਿੰਗ ਅਤੇ ਬੱਚਿਆਂ ਵਿੱਚ ਪੋਸ਼ਣ ਪੱਧਰ ਦੀ ਜਾਂਚ ਵੀ ਕੀਤੀ ਜਾਂਦੀ ਹੈ। ਹੁਣ ਤੱਕ ਇਨ੍ਹਾਂ ਕਲੀਨਿਕਾਂ ਵਿੱਚ 15,20,600 ਯੂਨੀਕ ਮਰੀਜ਼ ਅਤੇ ਕੁੱਲ 40,62,906 ਓ.ਪੀ.ਡੀ. ਵਿਜ਼ਿਟ ਦਰਜ ਕੀਤੀਆਂ ਜਾ ਚੁੱਕੀਆਂ ਹਨ। ਔਸਤਨ ਹਰ ਰੋਜ਼ ਲਗਭਗ 73 ਮਰੀਜ਼ ਸਿਹਤ ਸੇਵਾਵਾਂ ਦਾ ਲਾਭ ਲੈ ਰਹੇ ਹਨ, ਜਿਨ੍ਹਾਂ ਵਿੱਚ 56.3 ਫੀਸਦੀ ਔਰਤਾਂ ਅਤੇ 43.7 ਫੀਸਦੀ ਪੁਰਸ਼ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਗਰਭਵਤੀ ਔਰਤਾਂ ਲਈ ਭ੍ਰੂਣ ਦੀ ਸਿਹਤ ਦੀ ਜਾਂਚ ਵਾਸਤੇ ਅਲਟਰਾਸਾਊਂਡ ਅਤੇ ਲੈਵਲ-2 ਸਕੈਨ ਦੀ ਸਹੂਲਤ ਵੀ ਸੂਚੀਬੱਧ ਅਲਟਰਾਸਾਊਂਡ ਕੇਂਦਰਾਂ ਰਾਹੀਂ ਪੂਰੀ ਤਰ੍ਹਾਂ ਮੁਫ਼ਤ ਉਪਲਬਧ ਕਰਵਾਈ ਜਾ ਰਹੀ ਹੈ। ਆਨਲਾਈਨ ਰਿਪੋਰਟ ਦੇ ਆਧਾਰ 'ਤੇ ਇਨ੍ਹਾਂ ਕੇਂਦਰਾਂ ਨੂੰ ਭੁਗਤਾਨ ਆਰ.ਟੀ.ਜੀ.ਐੱਸ. ਰਾਹੀਂ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾਂਦਾ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸਿਹਤ ਸੇਵਾਵਾਂ ਨੂੰ ਆਮ ਨਾਗਰਿਕ ਲਈ ਸੌਖੀਆਂ, ਗੁਣਵੱਤਾਪੂਰਨ ਅਤੇ ਮੁਫ਼ਤ ਬਣਾਉਣਾ ਹੈ ਅਤੇ ਆਮ ਆਦਮੀ ਕਲੀਨਿਕ ਇਸ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਸਾਬਤ ਹੋ ਰਹੇ ਹਨ। ਇਸ ਮੌਕੇ ਮੇਅਰ ਪਰਵੀਨ ਸੈਣੀ, ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਸੀਮਾ ਗਰਗ, ਡਾ. ਰੋਹਿਤ ਬਰੂਟਾ, ਵਰਿੰਦਰ ਵੈਦ, ਸੁਰੇਸ਼ ਸੋਨੀ, ਵਿਸ਼ਾਲ ਸ਼ਰਮਾ, ਬ੍ਰਿਜ ਮੱਟੂ, ਰਾਕੇਸ਼ ਕੁਮਾਰ ਬਿੱਲਾ ਸਮੇਤ ਹੋਰ ਪਤਵੰਤੇ ਵਿਅਕਤੀ ਹਾਜ਼ਰ ਸਨ।

ਨਸ਼ਿਆਂ ਵਿਰੁੱਧ ਜੰਗ ਵਿੱਚ ਲੋਕਾਂ ਦਾ ਸਹਿਯੋਗ ਅਹਿਮ: ਡੀਐਸਪੀ ਭਾਰਤ ਭੂਸ਼ਣ

ਪੈ.ਗਾਮ-ਏ-ਜਗਤ
ਦਲਜੀਤ (ਅਜਨੋਹਾ/ਹੁਸ਼ਿਆਰਪੁਰ)

ਨਸ਼ਿਆਂ ਵਿਰੁੱਧ ਪੰਜਾਬ ਪੁਲਿਸ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਪੁਲਿਸ ਵੱਲੋਂ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਇਸ ਦੇ ਸਾਰਥਕ ਨਤੀਜੇ ਵੀ ਸਾਹਮਣੇ ਆ ਰਹੇ ਹਨ। ਡੀਐਸਪੀ ਭਾਰਤ ਭੂਸ਼ਣ ਨੇ ਦਲਜੀਤ

• ਨਸ਼ਾ ਤਸਕਰਾਂ ਨਾਲ ਸਖ਼ਤੀ, ਨੌਜਵਾਨਾਂ ਨੂੰ ਰੋਜ਼ਗਾਰ ਨਾਲ ਜੋੜਨ ਲਈ ਸਰਕਾਰ ਵੱਲੋਂ ਉਪਰਾਲੇ

ਅਜਨੋਹਾ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਇਹ ਜਾਣਕਾਰੀ ਸਾਂਝੀ ਕੀਤੀ।

ਡੀਐਸਪੀ ਭਾਰਤ ਭੂਸ਼ਣ ਨੇ ਦੱਸਿਆ ਕਿ ਡੀਜੀਪੀ ਪੰਜਾਬ ਗੌਰਵ ਯਾਦਵ ਦੀ ਰਹਿਨੁਮਾਈ ਅਤੇ ਐਸਐਸਪੀ ਹੁਸ਼ਿਆਰਪੁਰ ਸੰਦੀਪ ਮਲਿਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਪੁਲਿਸ ਵੱਲੋਂ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੋੜਨ ਲਈ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ।



ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਪੁਲਿਸ ਦੀ ਜ਼ਿੰਮੇਵਾਰੀ ਨਹੀਂ, ਸਗੋਂ ਇਸ ਵਿੱਚ ਸਮਾਜ ਦੇ ਹਰ ਵਰਗ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਇਸੇ ਤਹਿਤ ਨਸ਼ੇ ਦੀ ਲਤ ਦਾ ਸ਼ਿਕਾਰ ਹੋ ਚੁੱਕੇ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਤੱਕ ਪਹੁੰਚਾ ਕੇ ਇਲਾਜ ਅਤੇ ਨਸ਼ਾ ਛੱਡਣ ਲਈ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ।

ਡੀਐਸਪੀ ਨੇ ਦੱਸਿਆ ਕਿ ਜਿਹੜੇ ਨੌਜਵਾਨ ਨਸ਼ਾ ਛੱਡ ਕੇ ਮੁੜ ਕੰਮ-ਧੰਦੇ ਨਾਲ ਜੁੜਨਾ ਚਾਹੁੰਦੇ ਹਨ, ਉਨ੍ਹਾਂ ਨੂੰ ਸਕਿੱਲ ਡਿਵੈਲਪਮੈਂਟ ਸੈਂਟਰਾਂ ਰਾਹੀਂ ਵੱਖ-ਵੱਖ ਹੁਨਰ ਸਿਖਾਉਣ ਅਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਸਰਕਾਰ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਸਵੈ-ਨਿਰਭਰਤਾ ਨਾਲ ਜੋੜਨਾ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਡੀਐਸਪੀ ਭਾਰਤ ਭੂਸ਼ਣ ਨੇ ਕਿਹਾ ਕਿ ਨਸ਼ਾ ਤਸਕਰੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਈ ਨਸ਼ਾ ਤਸਕਰਾਂ ਦੇ ਘਰਾਂ 'ਤੇ ਤਾਲੇ ਲੱਗ ਚੁੱਕੇ ਹਨ ਅਤੇ ਕਈ ਮਾਮਲਿਆਂ ਵਿੱਚ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ ਜਾਂ ਹਾਸਲ ਕੀਤੀ ਜਾਇਦਾਦ ਨੂੰ ਕਾਨੂੰਨੀ ਪ੍ਰਕਿਰਿਆ ਤਹਿਤ ਜ਼ਬਤ ਕਰਨ ਦੀ ਕਾਰਵਾਈ ਵੀ ਕੀਤੀ ਗਈ ਹੈ। ਡੀਐਸਪੀ ਭਾਰਤ ਭੂਸ਼ਣ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪੁਲਿਸ ਦਾ ਵੱਧ ਤੋਂ ਵੱਧ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਜੇਕਰ ਲੋਕ ਨਸ਼ਾ ਤਸਕਰੀ ਅਤੇ ਨਸ਼ਿਆਂ ਨਾਲ ਜੁੜੀਆਂ ਗਤੀਵਿਧੀਆਂ ਬਾਰੇ ਪੁਲਿਸ ਨੂੰ ਜਾਣਕਾਰੀ ਦੇਣ ਅਤੇ ਆਪਣੇ ਆਲੇ-ਦੁਆਲੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਯਤਨ ਕਰਨ ਤਾਂ ਪੰਜਾਬ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖ਼ਤਮ ਕਰਨ ਵਿੱਚ ਵੱਡੀ ਮਦਦ ਮਿਲ ਸਕਦੀ ਹੈ।

ਉਨ੍ਹਾਂ ਕਿਹਾ ਕਿ ਪੁਲਿਸ ਦੀ ਸਖ਼ਤੀ ਦੇ ਨਾਲ-ਨਾਲ ਨਸ਼ਾ ਪੀੜਤਾਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਉਣਾ ਵੀ ਇਸ ਮੁਹਿੰਮ ਦਾ ਅਹਿਮ ਹਿੱਸਾ ਹੈ। ਸਮਾਜ, ਪਰਿਵਾਰ ਅਤੇ ਪੁਲਿਸ ਦੇ ਸਾਂਝੇ ਯਤਨਾਂ ਨਾਲ ਹੀ ਨਸ਼ਾ ਮੁਕਤ ਪੰਜਾਬ ਦਾ ਟੀਚਾ ਹਾਸਲ ਕੀਤਾ ਜਾ ਸਕਦਾ ਹੈ।

ਸਿਵਲ ਸਰਜਨ ਡਾ. ਮਨਦੀਪ ਕਮਲ ਵੱਲੋਂ ਸਰਕਾਰੀ ਟੀ.ਬੀ. ਕਲੀਨਿਕ ਹੁਸ਼ਿਆਰਪੁਰ ਦਾ ਅਚਨਚੇਤ ਦੌਰਾ

ਮਰੀਜ਼ਾਂ ਨਾਲ ਗੱਲਬਾਤ ਕਰਕੇ ਸਿਹਤ ਸੇਵਾਵਾਂ ਸਬੰਧੀ ਲਿਆ ਫੀਡਬੈਕ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ ਮਰੀਜ਼ਾਂ ਨੂੰ ਮਿਆਰੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਸਿਹਤ ਸੰਸਥਾਵਾਂ ਦੀ ਨਿਯਮਿਤ ਨਿਗਰਾਨੀ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਜੀ ਵੱਲੋਂ ਅੱਜ ਸਰਕਾਰੀ ਟੀ.ਬੀ. ਕਲੀਨਿਕ ਹੁਸ਼ਿਆਰਪੁਰ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਦੌਰਾਨ ਉਹਨਾਂ ਦੇ ਨਾਲ ਡੀ.ਪੀ.ਐਮ. ਐਨ.ਐਚ.ਐਮ. ਮੁਹੰਮਦ ਆਸਿਫ ਅਤੇ ਪੀ.ਏ. ਸਤਪਾਲ ਵੀ ਮੌਜੂਦ ਸਨ।



ਦੌਰੇ ਦੌਰਾਨ ਸਿਵਲ ਸਰਜਨ ਡਾ.ਮਨਦੀਪ ਕਮਲ ਜੀ ਵੱਲੋਂ ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਸ਼ਕਤੀ ਸ਼ਰਮਾ ਦੇ ਸਹਿਯੋਗ ਨਾਲ ਕਲੀਨਿਕ ਦੇ ਵੱਖ-ਵੱਖ ਸੈਕਸ਼ਨਾਂ ਦਾ ਜਾਇਜ਼ਾ ਲੈਂਦਿਆਂ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ, ਟੀ.ਬੀ. ਮਰੀਜ਼ਾਂ ਦੀ ਜਾਂਚ, ਇਲਾਜ, ਦਵਾਈਆਂ ਦੀ ਉਪਲਬਧਤਾ ਅਤੇ ਰਿਕਾਰਡ ਦੀ ਸੰਭਾਲ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ ਗਈ।

ਇਸ ਮੌਕੇ ਸਿਵਲ ਸਰਜਨ ਵੱਲੋਂ ਕਲੀਨਿਕ ਵਿੱਚ ਇਲਾਜ ਕਰਵਾਉਣ ਲਈ ਆਏ ਮਰੀਜ਼ਾਂ ਨਾਲ ਸਿੱਧੀ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਤੋਂ ਕਲੀਨਿਕ ਵਿੱਚ ਮਿਲ ਰਹੀਆਂ ਸਿਹਤ ਸੇਵਾਵਾਂ, ਸਟਾਫ਼ ਦੇ ਵਿਵਹਾਰ ਅਤੇ ਇਲਾਜ ਸਬੰਧੀ ਫੀਡਬੈਕ ਲਿਆ ਗਿਆ। ਮਰੀਜ਼ਾਂ ਵੱਲੋਂ ਕਲੀਨਿਕ ਵਿੱਚ ਮਿਲ ਰਹੀਆਂ ਸੇਵਾਵਾਂ ਅਤੇ ਸਟਾਫ਼ ਦੇ ਸਹਿਯੋਗ ਸਬੰਧੀ ਸਕਾਰਾਤਮਕ ਪ੍ਰਤੀਕਿਰਿਆ ਦਿੱਤੀ ਗਈ।

ਸਿਵਲ ਸਰਜਨ ਨੇ ਕਲੀਨਿਕ ਵਿੱਚ ਤਾਇਨਾਤ ਸਮੁੱਚੇ ਸਟਾਫ਼ ਦੀ ਹਾਜ਼ਰੀ ਵੀ ਚੈੱਕ ਕੀਤੀ, ਜੋ ਮੌਕੇ 'ਤੇ ਹਾਜ਼ਰ ਪਾਇਆ ਗਿਆ। ਉਨ੍ਹਾਂ ਵੱਲੋਂ ਸਟਾਫ਼ ਵੱਲੋਂ ਕੀਤੇ ਜਾ ਰਹੇ ਕੰਮ 'ਤੇ ਤਸੱਲੀ ਪ੍ਰਗਟ ਕਰਦਿਆਂ ਮਰੀਜ਼ਾਂ ਨੂੰ ਹੋਰ ਬਿਹਤਰ ਅਤੇ ਸੁਚੱਜੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਡਾ. ਮਨਦੀਪ ਕਮਲ ਨੇ ਟੀ.ਬੀ. ਕਲੀਨਿਕ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਹਾ ਕਿ ਟੀ.ਬੀ. ਮਰੀਜ਼ਾਂ ਦੀ ਸਮੇਂ ਸਿਰ ਪਛਾਣ, ਜਾਂਚ ਅਤੇ ਇਲਾਜ ਨੂੰ ਯਕੀਨੀ ਬਣਾਇਆ ਜਾਵੇ। ਮਰੀਜ਼ਾਂ ਨੂੰ ਦਵਾਈਆਂ ਨਿਯਮਿਤ ਤੌਰ 'ਤੇ ਲੈਣ, ਇਲਾਜ ਪੂਰਾ ਕਰਨ ਅਤੇ ਟੀ.ਬੀ. ਸਬੰਧੀ ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਟੀ.ਬੀ. ਇੱਕ ਇਲਾਜਯੋਗ ਬਿਮਾਰੀ ਹੈ ਅਤੇ ਇਸ ਦੇ ਖਾਤਮੇ ਲਈ ਮਰੀਜ਼ਾਂ ਦੀ ਜਲਦੀ ਪਛਾਣ, ਪੂਰਾ ਇਲਾਜ ਅਤੇ ਲੋਕਾਂ ਵਿੱਚ ਜਾਗਰੂਕਤਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਟੀ.ਬੀ. ਦੇ ਮਰੀਜ਼ਾਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਰਾਹੀਂ ਲੋੜੀਂਦੀਆਂ ਸਿਹਤ ਸੇਵਾਵਾਂ ਅਤੇ ਇਲਾਜ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਸਿਵਲ ਸਰਜਨ ਨੇ ਸਮੁੱਚੇ ਸਟਾਫ਼ ਨੂੰ ਹਦਾਇਤ ਕੀਤੀ ਕਿ ਮਰੀਜ਼ਾਂ ਨਾਲ ਹਮਦਰਦੀ ਅਤੇ ਸਨਮਾਨ ਨਾਲ ਵਿਵਹਾਰ ਕੀਤਾ ਜਾਵੇ ਅਤੇ ਕਿਸੇ ਵੀ ਮਰੀਜ਼ ਨੂੰ ਇਲਾਜ ਜਾਂ ਸਿਹਤ ਸੇਵਾਵਾਂ ਸਬੰਧੀ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਉਣ ਦਿੱਤੀ ਜਾਵੇ।

ਪੀ.ਆਈ.ਐਲ.ਬੀ.ਐਸ. ਮੋਹਾਲੀ ਵੱਲੋਂ 'ਦਿ ਆਰਟ ਆਫ਼ ਲਿਵਿੰਗ' ਦੇ ਸਹਿਯੋਗ ਨਾਲ 12 ਸਤੰਬਰ ਨੂੰ ਲਾਇਆ ਜਾਵੇਗਾ ਖ਼ੂਨਦਾਨ ਕੈਂਪ

ਚੰਡੀਗੜ੍ਹ/ਮੋਹਾਲੀ, 8 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਿਜ਼ (ਪੀ.ਆਈ.ਐਲ.ਬੀ.ਐਸ.), ਮੋਹਾਲੀ—ਜੋ ਕਿ ਇੱਕ ਪ੍ਰਮੁੱਖ ਟਰਸ਼ਰੀ ਕੇਅਰ ਸੁਪਰ-ਸਪੈਸ਼ਲਿਟੀ ਸੰਸਥਾ ਹੈ—ਵੱਲੋਂ 'ਦਿ ਆਰਟ ਆਫ਼ ਲਿਵਿੰਗ' ਦੇ ਸਹਿਯੋਗ ਨਾਲ 12 ਸਤੰਬਰ, 2026 ਨੂੰ ਪਹਿਲੇ ਸਵੈ-ਇੱਛੁਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾਵੇਗਾ।

ਪੀ.ਆਈ.ਐਲ.ਬੀ.ਐਸ. ਦੇ ਡਾਇਰੈਕਟਰ ਡਾ. ਵਰਿੰਦਰ ਸਿੰਘ ਨੇ ਦੱਸਿਆ ਕਿ ਇਹ ਵਾਕ-ਇਨ ਖ਼ੂਨਦਾਨ ਮੁਹਿੰਮ ਸੰਸਥਾ ਦੇ ਸੈਕਟਰ-60,

• ਡਾਇਰੈਕਟਰ ਡਾ. ਵਰਿੰਦਰ ਸਿੰਘ ਵੱਲੋਂ ਨਾਗਰਿਕਾਂ ਨੂੰ ਵੱਧ ਤੋਂ ਵੱਧ ਖ਼ੂਨ ਦਾਨ ਕਰਕੇ ਮਨੁੱਖੀ ਜਾਨਾਂ ਬਚਾਉਣ ਵਿੱਚ ਸਹਿਯੋਗ ਦੇਣ ਦੀ ਅਪੀਲ

ਮੋਹਾਲੀ ਸਥਿਤ ਕੈਂਪਸ ਦੇ ਨਿਊ ਡਾਇਗਨੌਸਟਿਕ ਬਲਾਕ ਦੀ ਪਹਿਲੀ ਮੰਜ਼ਿਲ 'ਤੇ ਬਣੇ ਅਤਿ-ਆਧੁਨਿਕ ਬਲੱਡ ਸੈਂਟਰ ਵਿਖੇ ਚਲਾਈ ਜਾਵੇਗੀ। ਇਸ ਉਪਰਾਲੇ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਡਾ. ਵਰਿੰਦਰ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਇੱਕ ਵਾਰ ਕੀਤਾ ਖ਼ੂਨਦਾਨ ਤਿੰਨ ਕੀਮਤੀ ਜਾਨਾਂ ਬਚਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਰੁਟੀਨ ਪ੍ਰਕਿਰਿਆਵਾਂ, ਚੱਲ ਰਹੇ ਡਾਕਟਰੀ ਇਲਾਜਾਂ, ਗੁੰਝਲਦਾਰ ਹੈਪੇਟੋਬਿਲੀਅਰੀ ਸਰਜਰੀਆਂ ਅਤੇ ਸੰਸਥਾਨ ਦੇ ਸਫ਼ਲਤਾਪੂਰਵਕ ਸਥਾਪਿਤ ਲਿਵਰ ਟਰਾਂਸਪਲਾਂਟ ਪ੍ਰੋਗਰਾਮ ਲਈ ਬਲੱਡ ਅਤੇ ਇਸ ਦੇ ਕੰਪੋਨੈਂਟਸ ਦੀ ਰੋਜ਼ਾਨਾ ਲੋੜ ਪੈਂਦੀ ਹੈ। ਡਾ. ਵਰਿੰਦਰ ਸਿੰਘ ਨੇ ਸਾਂਝਾ ਕੀਤਾ ਕਿ ਟਰਾਂਸਫਿਊਜ਼ਨ ਮੈਡੀਸਨ ਵਿਭਾਗ ਲਾਇਸੰਸ ਪ੍ਰਾਪਤ ਕਰਨ ਉਪਰੰਤ ਪੂਰੀ ਤਰ੍ਹਾਂ ਕਾਰਜਸ਼ੀਲ ਹੈ, ਜਿਸ ਕੋਲ ਖ਼ੂਨ ਇਕੱਤਰ ਕਰਨ ਅਤੇ ਬਲੱਡ ਕੰਪੋਨੈਂਟ ਵੱਖ ਕਰਨ ਲਈ ਉੱਨਤ ਬੁਨਿਆਦੀ ਢਾਂਚਾ ਅਤੇ ਆਧੁਨਿਕ ਉਪਕਰਨ ਮੌਜੂਦ ਹਨ। ਯੋਗ ਨਾਗਰਿਕਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕਰਦਿਆਂ ਡਾਇਰੈਕਟਰ ਨੇ ਲੋਕਾਂ ਨੂੰ ਇਸ ਨੇਕ ਕਾਰਜ ਲਈ ਅੱਗੇ ਆਉਣ ਅਤੇ ਸਵੈ-ਇੱਛਾ ਨਾਲ ਖ਼ੂਨ ਦੇ ਕੇ ਇਸ ਉਪਰਾਲੇ ਵਿੱਚ ਸਾਰਥਕ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਭਾਜਪਾ ਓਬੀਸੀ ਮੋਰਚਾ ਪ੍ਰਦੇਸ਼ ਪ੍ਰਧਾਨ ਸੁਨੀਲ ਸੈਣ ਦਾ ਮੋਰਚਾ ਜ਼ਿਲ੍ਹਾ ਪ੍ਰਧਾਨ ਗੋਲਡੀ ਸੈਣੀ ਨੇ ਹਾਂਸੀ ਪਹੁੰਚਣ 'ਤੇ ਕੀਤਾ ਸ਼ਾਨਦਾਰ ਸਵਾਗਤ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਭਾਜਪਾ ਓਬੀਸੀ ਮੋਰਚਾ ਦੇ ਪ੍ਰਦੇਸ਼ ਪ੍ਰਧਾਨ ਇੰਜੀਨੀਅਰ ਸੁਨੀਲ ਸੈਣ ਦੇ ਹਾਂਸੀ ਸਥਿਤ ਭਾਜਪਾ ਦਫ਼ਤਰ ਪਹੁੰਚਣ 'ਤੇ ਓਬੀਸੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਗੋਲਡੀ ਸੈਣੀ ਦੀ ਅਗਵਾਈ ਵਿੱਚ ਵਰਕਰਾਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ। ਇਸ ਮੌਕੇ 'ਤੇ ਗੋਲਡੀ ਸੈਣੀ ਸਮੇਤ ਮੋਰਚਾ ਦੇ ਵਰਕਰਾਂ ਨੇ ਪ੍ਰਦੇਸ਼ ਪ੍ਰਧਾਨ ਦਾ ਫੁੱਲ-ਮਾਲਾਵਾਂ ਨਾਲ ਸਨਮਾਨ ਕੀਤਾ ਅਤੇ ਜਥੇਬੰਦੀ ਪ੍ਰਤੀ ਆਪਣੀ ਵਚਨਬੱਧਤਾ ਵਿਅਕਤ ਕੀਤੀ। ਭਾਜਪਾ ਦਫ਼ਤਰ ਵਿੱਚ ਆਯੋਜਿਤ ਸਵਾਗਤ ਪ੍ਰੋਗਰਾਮ ਦੌਰਾਨ ਵਰਕਰਾਂ ਵਿੱਚ ਉਤਸ਼ਾਹ ਦਾ ਮਾਹੌਲ ਰਿਹਾ। ਵਰਕਰਾਂ ਨੇ ਪ੍ਰਦੇਸ਼ ਪ੍ਰਧਾਨ ਦਾ ਸਵਾਗਤ ਕਰਦਿਆਂ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਪਾਰਟੀ ਦੇ ਪ੍ਰੋਗਰਾਮਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ 'ਤੇ ਜ਼ੋਰ ਦਿੱਤਾ। ਸਵਾਗਤ ਪ੍ਰੋਗਰਾਮ ਤੋਂ ਬਾਅਦ ਇੰਜੀਨੀਅਰ ਸੁਨੀਲ ਸੈਣ ਨੇ ਭਾਜਪਾ ਦਫ਼ਤਰ ਵਿੱਚ ਵਰਕਰਾਂ ਦੀ ਮੀਟਿੰਗ ਵੀ ਲਈ। ਮੀਟਿੰਗ ਵਿੱਚ ਉਨ੍ਹਾਂ ਨੇ ਜਥੇਬੰਦੀ ਨੂੰ ਮਜ਼ਬੂਤ ਬਣਾਉਣ ਲਈ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਮਜ਼ਬੂਤੀ ਵਰਕਰਾਂ ਦੀ ਸਰਗਰਮੀ, ਆਪਸੀ ਤਾਲਮੇਲ ਅਤੇ ਨਿਰੰਤਰ ਲੋਕ ਸੰਪਰਕ ਨਾਲ ਹੁੰਦੀ ਹੈ। ਉਨ੍ਹਾਂ ਨੇ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਭਲਾਈ ਪ੍ਰੋਗਰਾਮਾਂ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ। ਨਾਲ ਹੀ, ਜਥੇਬੰਦਕ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਵਿੱਚ ਪਾਰਟੀ ਦੀ ਵਿਚਾਰਧਾਰਾ ਅਤੇ ਨੀਤੀਆਂ ਨੂੰ ਪਹੁੰਚਾਉਣ 'ਤੇ ਜ਼ੋਰ ਦਿੱਤਾ। ਮੀਟਿੰਗ ਦੌਰਾਨ ਓਬੀਸੀ ਮੋਰਚਾ ਦੀ ਭੂਮਿਕਾ ਨੂੰ ਲੈ ਕੇ ਵੀ ਚਰਚਾ ਹੋਈ। ਪ੍ਰਦੇਸ਼ ਪ੍ਰਧਾਨ ਨੇ ਵਰਕਰਾਂ ਨੂੰ ਸਮਾਜ ਦੇ ਲੋਕਾਂ ਨਾਲ ਨਿਰੰਤਰ ਸੰਪਰਕ ਬਣਾਏ ਰੱਖਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਉਮੀਦਾਂ ਨੂੰ ਜਥੇਬੰਦੀ ਸਾਹਮਣੇ ਰੱਖਣ ਦੀ ਗੱਲ ਕਹੀ। ਉਨ੍ਹਾਂ ਕਿਹਾ ਕਿ ਵਰਕਰਾਂ ਨੂੰ ਜਥੇਬੰਦੀ ਦੀਆਂ ਗਤੀਵਿਧੀਆਂ ਨੂੰ ਪਿੰਡ-ਪਿੰਡ ਅਤੇ ਬੂਥ ਪੱਧਰ ਤੱਕ ਮਜ਼ਬੂਤ ਬਣਾਉਣ ਲਈ ਨਿਰੰਤਰ ਯਤਨ ਕਰਨੇ ਚਾਹੀਦੇ ਹਨ।



'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਅਧਿਆਪਕ ਦਿਵਸ ਮੌਕੇ ਡਾ. ਰਿਤੂ ਕਪੂਰ ਸਨਮਾਨਿਤ

ਪਟਿਆਲਾ, (ਪੈ.ਗਾਮ-ਏ-ਜਗਤ)
ਪਟਿਆਲਾ ਸ਼ੋਸ਼ਨ ਵੈਲਫੇਅਰ ਸੋਸਾਇਟੀ ਇਸ ਵਰ੍ਹੇ ਆਪਣਾ ਸਿਲਵਰ ਜੁਬਲੀ ਸਾਲ ਮਨਾ ਰਹੀ ਹੈ। ਭਾਰਤ ਦੇ ਦੂਜੇ ਰਾਸ਼ਟਰਪਤੀ ਸਰਵਪਲੀ ਡਾ. ਰਾਧਾ ਕ੍ਰਿਸ਼ਨ, ਜਿਨ੍ਹਾਂ ਨੇ ਅਧਿਆਪਕ ਦਿਵਸ ਮਨਾਉਣਾ ਸ਼ੁਰੂ ਕਰਵਾਇਆ।



ਸਭ ਨੂੰ ਅਪੀਲ ਕੀਤੀ ਕਿ ਅਧਿਆਪਕ ਦਿਵਸ ਲਈ ਲੋਕਾਂ ਨੂੰ ਚੰਗੇ ਇਨਸਾਨ ਅਤੇ ਵਧਿਆ ਚਰਿੱਤਰ ਬਣਾਉਣ ਵਿੱਚ ਸਾਇਕ ਹੁੰਦੇ ਹਨ। ਅੱਜ ਸਾਰੇ ਅਧਿਆਪਕ ਦਿਵਸ ਮਨਾਉਂਦੇ ਹਨ। ਜ਼ੋ ਵਧਿਆ ਕਾਰਜ ਕਰਦੇ ਹਨ। ਸੋਸਾਇਟੀ ਵਲੋਂ ਅਧਿਆਪਕ ਦਿਵਸ ਮਨਾਉਂਦੇ ਹੋਏ ਡਾ. ਰਿਤੂ ਕਪੂਰ ਸਹਾਇਕ ਪ੍ਰੋਫੈਸਰ ਵਿਕਰਮ ਕਾਲਜ ਨੂੰ ਉਸ ਦੀ ਵਧਿਆ ਸੇਵਾ ਲਈ ਲਵਲੀਨ ਦੂਬੇ ਮੈਂਬਰ ਸਕੱਤਰ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਵੱਲੋਂ ਇਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਡਾ. ਰਿਤੂ ਕਪੂਰ ਨੂੰ ਕਈ ਸੰਸਥਾਵਾਂ ਵੱਲੋਂ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ। ਡਾ. ਰਿਤੂ ਕਪੂਰ ਹਮੇਸ਼ਾਂ ਹੀ ਚੰਗੇ ਕਾਰਜਾਂ ਨੂੰ ਤਰਜੀਹ ਦਿੰਦੇ ਹਨ। ਇਨ੍ਹਾਂ ਵੱਲੋਂ ਸਮਾਜ ਪ੍ਰਤੀ ਵਧੀਆਂ ਕਾਰਜ ਕੀਤੇ ਗਏ ਹਨ। ਰੋਟਰੀ ਕਲੱਬ ਵੱਲੋਂ ਵੀ ਇਨ੍ਹਾਂ ਨੂੰ ਸਨਮਾਨਿਤ ਕੀਤਾ ਹੋਇਆ ਹੈ। ਇਨ੍ਹਾਂ ਨੇ ਕਈ ਕਿਤਾਬਾਂ ਵਿੱਚ ਵੀ ਆਪਣੇ ਆਰਟੀਕਲ ਦਿੱਤੇ ਹੋਏ ਹਨ। ਇਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਵਲੋਂ ਵਧਿਆ ਅਧਿਆਪਕ ਵਜੋਂ ਸਨਮਾਨਿਤ ਕੀਤਾ ਗਿਆ। ਇਸ ਅਵਸਰ ਤੇ ਵਿਜੇ ਕੁਮਾਰ ਗੋਇਲ ਪ੍ਰਧਾਨ ਪਟਿਆਲਾ ਸ਼ੋਸ਼ਲ ਵੈਲਫੇਅਰ ਸੁਸਾਇਟੀ, ਹਰਬੰਸ ਬਾਂਸਲ, ਰਾਜੀਵ ਗੋਇਲ, ਸੰਦੀਪ ਗੁਪਤਾ, ਸੰਜੇ ਧੀਰ, ਡਾ. ਮੰਜੂ ਬਾਲਾ ਆਦਿ ਹਾਜਰ ਸਨ।

ਜਨਹਿਤ ਸਮਿਤੀ ਅਤੇ ਆਪਣਾ ਘਰ ਆਸ਼ਰਮ ਭਰਤਪੁਰ ਮਿਲ ਕੇ 25 ਅਕਤੂਬਰ ਨੂੰ ਬੇਸਹਾਰਾ ਮਰੀਜਾਂ ਲਈ ਖੋਲਣਗੇ ਆਸ਼ਰਮ

ਪਟਿਆਲਾ ਸ਼ਹਿਰ ਨਿਵਾਸੀ ਹੁਣ ਕਰਨਗੇ ਮਨੁੱਖਤਾ ਦੀ ਸੇਵਾ ਅਦੁੱਤੀ ਸੇਵਾ: ਸਟੇਟ ਐਵਾਰਡੀ ਵਿਨੋਦ ਸ਼ਰਮਾ

ਪਟਿਆਲਾ, 8 ਸਤੰਬਰ (ਪੈ.ਗਾਮ-ਏ-ਜਗਤ)
ਨਿਸ਼ਕਾਮ ਸਮਾਜ ਸੇਵਾ ਲਈ ਪ੍ਰਸਿੱਧ ਪਟਿਆਲਾ ਦੀ ਜਨਹਿਤ ਸਮਿਤੀ (ਰਜਿ.) ਸੰਸਥਾ ਹੁਣ ਦੁਨੀਆ ਦੀ ਸਭ ਤੋ ਵੱਡੀ ਮਨੁੱਖਤਾ ਦੀ ਸੇਵਾ ਕਰਨ ਵਾਲੀ ਸੰਸਥਾ ' ਆਪਣਾ ਘਰ ਆਸ਼ਰਮ ' ਭਰਤਪੁਰ (ਰਾਜਸਥਾਨ) ਨਾਲ ਮਿਲ ਕੇ ਪਟਿਆਲਾ ਸ਼ਹਿਰ ਦੇ ਪਿੰਡ ਰਾਏਪੁਰ ਮੰਡਲਾਂ ਵਿੱਚ ਲਾਵਾਰਸ, ਲਾਚਾਰ ਅਤੇ ਬਿਮਾਰ ਵਿਅਕਤੀਆਂ ਦੀ ਸਾਂਭ ਸੰਭਾਲ ਲਈ ਇੱਕ ' ਜਨਹਿਤ ਆਪਣਾ ਘਰ ਆਸ਼ਰਮ ਪਟਿਆਲਾ ' ਖੋਲਣ ਜਾ ਰਹੀ ਹੈ।



ਜਨਹਿਤ ਸਮਿਤੀ ਦੇ ਪ੍ਰਧਾਨ ਸ਼੍ਰੀ ਐਸ ਕੇ ਗੌਤਮ ਅਤੇ ਫਾਉਂਡਰ ਮੈਂਬਰ ਅਨਿਲ ਕੁਮਾਰ ਭਾਰਤੀ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਬੰਧੀ ਜਨਹਿਤ ਸੰਮਤੀ ਜਨਰਲ ਸਕੱਤਰ ਵਿਨੋਦ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਸੀਨੀਅਰ ਮੈਂਬਰਾਂ ਦੀ ਟੀਮ ਵੱਲੋਂ ਆਪਣਾ ਘਰ ਆਸ਼ਰਮ ਭਰਤਪੁਰ ਦੇ ਸੰਸਥਾਪਕ ਡਾਕਟਰ ਬ੍ਰਿਜ ਮੋਹਨ ਭਾਰਤਵਾਜ, ਉਨ੍ਹਾਂ ਦੀ ਧਰਮ ਪਤਨੀ ਸ਼੍ਰੀ ਮਤੀ ਮਾਧੁਰੀ ਭਾਰਦਵਾਜ ਅਤੇ ਉਹਨਾਂ ਦੀ ਪੂਰੀ ਟੀਮ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਉਕਤ ਮਹਤਵਪੂਰਨ ਫੈਸਲਾ ਕੀਤਾ ਗਿਆ ਹੈ। ਜਨਹਿਤ ਸਮਿਤੀ ਦੇ ਜਨਰਲ ਸਕੱਤਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਹੁਣ ਇਹ ਦੋਵੇਂ ਸੰਸਥਾਵਾਂ ਜ਼ਿਲ੍ਹਾ ਪਟਿਆਲਾ ਅਤੇ ਇਸਦੇ ਨੇੜਲੇ ਇਲਾਕਿਆਂ ਵਿੱਚ ਕਿਸੇ ਵੀ ਇਨਸਾਨ ਨੂੰ ਲਾਵਾਰਸ ਹਾਲਾਤਾਂ ਵਿੱਚ, ਲਾਚਾਰ ਹਾਲਤਾਂ ਵਿੱਚ ਭੁੱਖਾ ਤੇ ਪਿਆਸਾ ਮਰਨ ਨਹੀਂ ਦੇਣਗੀਆਂ। ਇਹ ਸੰਸਥਾਵਾਂ ਇਨ੍ਹਾਂ ਵਿਅਕਤੀਆਂ ਨੂੰ ਪ੍ਰਭੂ ਜੀ ਭਾਵ ਪਰਮਾਤਮਾ ਦਾ ਰੂਪ ਮੰਨਦੇ ਹੋਏ ਉਨ੍ਹਾਂ ਲਈ ਰੋਟੀ, ਕੱਪੜਾ ਅਤੇ ਮਕਾਨ ਦੇ ਨਾਲ - ਨਾਲ ਦਵਾਈਆਂ ਆਦਿ ਦਾ ਪ੍ਰਬੰਧ ਤਾਂ ਕਰਨਗੀਆਂ ਹੀ ਇਸ ਤੋਂ ਇਲਾਵਾ ਇਹਨਾਂ ਵਿਅਕਤੀਆਂ ਲਈ ਜਨਹਿੱਤ ਆਪਣਾ ਘਰ ਆਸ਼ਰਮ ਵਿਖੇ ਇੱਕ ਪਰਿਵਾਰਕ ਮਾਹੌਲ ਦਾ ਆਪਣਾਪਣ ਵੀ ਦੇਣਗੀਆਂ ਤਾਂ ਜੋ ਇਹ ਲੋਕ ਵੀ ਆਪਣੀ ਜਿੰਦਗੀ ਆਰਾਮਦਾਇਕ ਅਤੇ ਪਿਆਰ ਭਰੇ ਮਾਹੌਲ ਵਿੱਚ ਜੀ ਸਕਨ। ਇਸ ਮੌਕੇ ਤੇ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਅਤੇ ਡਾ. ਹਰੀ ਓਮ ਅੱਗਰਵਾਲ ਨੇ ਦੱਸਿਆ ਕਿ ਹੁਣ ਪਟਿਆਲੇ ਜ਼ਿਲ੍ਹੇ ਦੇ ਕਿਸੇ ਵੀ ਲਾਵਾਰਿਸ, ਬੇਸਹਾਰਾ ਮਰੀਜ਼ ਨੂੰ ਸੜਕਾਂ ਤੇ ਰੁਲਣ ਨਹੀਂ ਦਿੱਤਾ ਜਾਵੇਗਾ। ਇਨ੍ਹਾਂ ਮਰੀਜਾਂ ਦੇ ਪੂਰਨ ਇਲਾਜ ਉਪਰੰਤ ਇਨ੍ਹਾਂ ਦੇ ਪੁਨਰਵਾਸ ਲਈ ਇੰਤਜ਼ਾਮ ਕੀਤੇ ਜਾਣਗੇ।

ਜਨਹਿਤ ਸਮਿਤੀ (ਰਜਿ.) ਪਟਿਆਲਾ ਵੱਲੋਂ ਇਸ ਮਿਸ਼ਨ ਦੀ ਕਾਮਯਾਬੀ ਲਈ ਡਾ. ਹਰੀ ਓਮ ਅੱਗਰਵਾਲ ਅਤੇ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਦਾ ਖ਼ਾਸ ਤੌਰ ਤੇ ਧੰਨਵਾਦ ਵੀ ਕੀਤਾ ਗਿਆ ਜਿਨ੍ਹਾਂ ਨੇ ਇਸ ਆਸ਼ਰਮ ਨੂੰ ਖੋਲ੍ਹਣ ਦੇ ਵਿਚਾਰ ਨੂੰ ਹਕੀਕੀ ਮੰਜ਼ਿਲ ਤੱਕ ਪੁਜਾਉਣ ਵਿੱਚ ਆਪਣਾ ਮਹਤਵਪੂਰਨ ਕਿਰਦਾਰ ਨਿਭਾਇਆ ਹੈ। ਇਸ ਮੌਕੇ ਤੇ ਆਯੋਜਤ ਸਾਂਝੀ ਮੀਟਿੰਗ ਵਿੱਚ ਆਪਣਾ ਘਰ ਆਸ਼ਰਮ ਭਰਤਪੁਰ ਰਾਜਸਥਾਨ ਦੇ ਬਾਨੀ ਡਾ. ਬ੍ਰਿਜ ਮੋਹਨ ਭਾਰਦਵਾਜ, ਸ਼੍ਰੀ ਮਤੀ ਮਾਧੁਰੀ ਭਾਰਦਵਾਜ, ਸ਼੍ਰੀ ਵੀਰ ਪਾਲ, ਸ਼੍ਰੀ ਚੰਦਰ ਸ਼ੇਖਰ ਗੁਪਤਾ, ਫ਼ਰੀਦਕੋਟ ਤੋਂ ਸ਼੍ਰੀ ਕੇਵਲ ਕ੍ਰਿਸ਼ਨ ਕਟਾਰੀਆ ਅਤੇ ਜਨਹਿਤ ਸਮਿਤੀ ਰਜਿ. ਪਟਿਆਲਾ ਦੇ ਜਨਰਲ ਸਕੱਤਰ ਸਟੇਟ ਐਵਾਰਡੀ ਵਿਨੋਦ ਕੁਮਾਰ ਸ਼ਰਮਾ, ਮੈਨੇਜਰ ਸਤੀਸ਼ ਜੋਸ਼ੀ, ਗਗਨਦੀਪ ਸਿੰਘ ਆਦਿ ਵੀ ਹਾਜਰ ਸਨ।

ਪੁਲਿਸ ਨੂੰ ਦੇਖ ਕੇ ਬਾਈਕ ਸਵਾਰ ਅਪਰਾਧੀ ਭੱਜ ਗਿਆ; ਗੋਲੀਬਾਰੀ ਕਰਨ ਤੋਂ ਬਾਅਦ ਮੁਕਾਬਲੇ ਵਿੱਚ ਕਾਬੂ

ਪੈ.ਗਾਮ-ਏ-ਜਗਤ/ਕਰਨਾਲ 8 ਸਤੰਬਰ (ਪ੍ਰਵੀਨ ਵਾਲੀਆ)
ਜ਼ਿਲ੍ਹੇ ਦੇ ਅਸੰਧ ਥਾਣਾ ਖੇਤਰ ਵਿੱਚ ਸੋਮਵਾਰ ਦੇਰ ਰਾਤ ਪੁਲਿਸ ਅਤੇ ਇੱਕ ਅਪਰਾਧੀ ਵਿਚਕਾਰ ਮੁਕਾਬਲਾ ਹੋਇਆ। ਜਬਾਲਾ ਪਿੰਡ ਨੇੜੇ ਨਹਿਰ ਦੇ ਕੰਢੇ 'ਤੇ ਹੋਏ ਮੁਕਾਬਲੇ ਦੌਰਾਨ, ਅਪਰਾਧੀ ਨੇ ਪੁਲਿਸ ਟੀਮ 'ਤੇ ਗੋਲੀ ਚਲਾ ਦਿੱਤੀ; ਜਵਾਬੀ ਕਾਰਵਾਈ ਵਿੱਚ, ਉਸਨੂੰ ਲੱਤ ਵਿੱਚ ਗੋਲੀ ਲੱਗੀ। ਜ਼ਖਮੀ ਦੋਸ਼ੀ ਨੂੰ ਇਲਾਜ ਲਈ ਕਰਨਾਲ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਘਟਨਾ ਦੀ ਜਾਣਕਾਰੀ ਮਿਲਣ 'ਤੇ, ਅਸੰਧ ਦੇ ਡੀਐਸਪੀ ਗੋਰਖਪਾਲ ਰਾਣਾ ਮੌਕੇ 'ਤੇ ਪਹੁੰਚੇ। ਪੁਲਿਸ ਨੇ ਮੌਕੇ ਦੀ ਜਾਂਚ ਕਰਨ ਲਈ ਇੱਕ ਐਫਐਸਐਲ (ਫੋਰੈਂਸਿਕ ਸਾਇੰਸ ਲੈਬਾਰਟਰੀ) ਟੀਮ ਨੂੰ ਬੁਲਾਇਆ ਅਤੇ ਜ਼ਰੂਰੀ ਸਬੂਤ ਇਕੱਠੇ ਕੀਤੇ।

ਡੀਐਸਪੀ ਗੋਰਖਪਾਲ ਰਾਣਾ ਨੇ ਦੱਸਿਆ ਕਿ ਪੁਲਿਸ ਸੋਮਵਾਰ ਰਾਤ ਅਸੰਧ ਖੇਤਰ ਵਿੱਚ ਗਸ਼ਤ ਕਰ ਰਹੀ ਸੀ। ਨਹਿਰ ਦੇ ਨੇੜੇ ਇੱਕ ਪੁਲਿਸ ਗੱਡੀ ਖੜ੍ਹੀ ਸੀ ਜਦੋਂ ਇੱਕ ਮੋਟਰਸਾਈਕਲ 'ਤੇ ਸਵਾਰ ਇੱਕ ਨੌਜਵਾਨ ਪਹੁੰਚਿਆ। ਪੁਲਿਸ ਗੱਡੀ ਨੂੰ ਦੇਖ ਕੇ, ਉਹ ਪਿੱਛੇ ਮੁੜਿਆ ਅਤੇ ਸ਼ੱਕੀ ਢੰਗ ਨਾਲ ਭੱਜਣ ਦੀ ਕੋਸ਼ਿਸ਼ ਕੀਤੀ।

ਜਦੋਂ ਪੁਲਿਸ ਟੀਮ ਨੇ ਉਸਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਨੌਜਵਾਨ ਨੇ ਗੋਲੀ ਚਲਾ ਦਿੱਤੀ। ਪੁਲਿਸ ਦੇ ਅਨੁਸਾਰ, ਦੋਸ਼ੀ ਨੇ ਟੀਮ 'ਤੇ ਤਿੰਨ ਗੋਲੀਆਂ ਚਲਾਈਆਂ। ਪੁਲਿਸ ਨੇ ਜਵਾਬੀ ਕਾਰਵਾਈ ਕੀਤੀ, ਜਿਸ ਨਾਲ ਦੋਸ਼ੀ ਦੀ ਲੱਤ ਵਿੱਚ ਗੋਲੀ ਲੱਗੀ ਅਤੇ ਉਹ ਜ਼ਖਮੀ ਹੋ ਗਿਆ। ਉਸਨੂੰ ਤੁਰੰਤ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਦੇ ਅਨੁਸਾਰ, ਜ਼ਖਮੀ ਦੋਸ਼ੀ ਦੀ ਪਛਾਣ ਹਿਸਾਰ ਦੇ ਰਹਿਣ ਵਾਲੇ ਸੰਦੀਪ ਵਜੋਂ ਹੋਈ ਹੈ। ਕਥਿਤ ਤੌਰ 'ਤੇ ਉਸ ਵਿਰੁੱਧ ਪਹਿਲਾਂ ਵੀ ਲਗਭਗ ਨੌਂ ਅਪਰਾਧਿਕ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ ਖੋਹ ਦੇ ਦੋਸ਼ ਵੀ ਸ਼ਾਮਲ ਹਨ। ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਦੋਸ਼ੀ ਅਪਰਾਧ ਕਰਨ ਦੇ ਇਰਾਦੇ ਨਾਲ ਅਸੰਧ ਖੇਤਰ ਵਿੱਚ ਆਇਆ ਸੀ।

ਡੀਐਸਪੀ ਰਾਣਾ ਨੇ ਦੱਸਿਆ ਕਿ ਪੁਲਿਸ ਨੇ ਦੋਸ਼ੀ ਨੂੰ ਵਾਰ-ਵਾਰ ਚੇਤਾਵਨੀ ਦਿੱਤੀ ਅਤੇ ਉਸਨੂੰ ਆਪਣਾ ਹਥਿਆਰ ਸੌਂਪਣ ਲਈ ਕਿਹਾ, ਪਰ ਉਸਨੇ ਇਨਕਾਰ ਕਰ ਦਿੱਤਾ ਅਤੇ ਪੁਲਿਸ ਟੀਮ 'ਤੇ ਗੋਲੀਬਾਰੀ ਕੀਤੀ, ਜਿਸ ਨਾਲ ਉਨ੍ਹਾਂ ਨੂੰ ਜਵਾਬੀ ਕਾਰਵਾਈ ਕਰਨ ਲਈ ਮਜਬੂਰ ਕੀਤਾ ਗਿਆ। ਮੁਲਜ਼ਮ ਮੋਟਰਸਾਈਕਲ 'ਤੇ ਇਕੱਲਾ ਸੀ। ਗੋਲੀ ਲੱਗਣ ਤੋਂ ਬਾਅਦ, ਉਸਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸਦਾ ਇਸ ਸਮੇਂ ਇਲਾਜ ਚੱਲ ਰਿਹਾ ਹੈ। ਪੁਲਿਸ ਨੇ ਕਿਹਾ ਕਿ ਇੱਕ ਵਾਰ ਜਦੋਂ ਉਹ ਠੀਕ ਹੋ ਜਾਂਦਾ ਹੈ, ਤਾਂ ਉਸਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਪੁਲਿਸ ਰਿਮਾਂਡ 'ਤੇ ਲਿਆ ਜਾਵੇਗਾ। ਰਿਮਾਂਡ ਦੀ ਮਿਆਦ ਦੌਰਾਨ, ਉਸ ਤੋਂ ਉਸਦੇ ਅਪਰਾਧਿਕ ਨੈੱਟਵਰਕ, ਸਾਥੀਆਂ ਅਤੇ ਹੋਰ ਪਿਛਲੇ ਅਪਰਾਧਾਂ ਬਾਰੇ ਪੁੱਛਗਿੱਛ ਕੀਤੀ ਜਾਵੇਗੀ।

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜੁਲਾਈ 2026 ਦੀਆਂ ਅਨੁਪੂਰਕ ਪ੍ਰੀਖਿਆਵਾਂ ਦੀ ਰੀ-ਚੈਕਿੰਗ ਤੇ ਰੀ-ਵੈਲੁਏਸ਼ਨ ਲਈ ਮਿਤੀਆਂ ਜਾਰੀ

ਐਸ.ਏ.ਐਸ ਨਗਰ 08 ਸਤੰਬਰ (ਪੈ.ਗਾਮ-ਏ-ਜਗਤ)
ਪੰਜਾਬ ਸਕੂਲ ਸਿੱਖਿਆ ਬੋਰਡ ਜੁਲਾਈ 2026 ਦੀਆਂ ਅਨੁਪੂਰਕ ਪ੍ਰੀਖਿਆਵਾਂ (ਰੀ-ਅਪੀਅਰ/ਕੰਪਾਰਟਮੈਂਟ ਅਤੇ ਵਾਧੂ ਵਿਸ਼ਾ/ਵੋਕੇਸ਼ਨਲ ਵਿਸ਼ੇ ਵਾਲੇ ਪ੍ਰੀਖਿਆਰਥੀਆਂ ਲਈ ਪ੍ਰੀਖਿਆਵਾਂ ਦਾ ਨਤੀਜ਼ਾ ਕ੍ਰਮਵਾਰ ਬਾਰਵੀਂ ਸ਼੍ਰੇਣੀ ਦਾ ਮਿਤੀ 25-08-2026 ਅਤੇ ਦਸਵੀਂ ਸ਼੍ਰੇਣੀ ਦਾ ਮਿਤੀ 28-08-2026 ਨੂੰ ਘੋਸ਼ਿਤ ਹੋ ਚੁੱਕਾ ਹੈ। ਇਹਨਾਂ ਪ੍ਰੀਖਿਆਵਾਂ ਨਾਲ ਸਬੰਧਤ ਪ੍ਰੀਖਿਆਰਥੀ ਜੇਕਰ ਰੀ-ਚੈਕਿੰਗ/ਰੀ-ਵੈਲੁਏਸ਼ਨ ਕਰਵਾਉਣਾ ਚਾਹੁੰਦੇ ਹਨ ਤਾਂ ਆਨਲਾਈਨ ਫਾਰਮ ਅਤੇ ਫੀਸ ਭਰਨ ਲਈ ਮਿਤੀ 07-09-2026 ਤੋਂ 21-09-2026 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ। ਪ੍ਰੀਖਿਆਰਥੀ ਆਨਲਾਈਨ ਫਾਰਮ ਅਤੇ ਫੀਸ ਭਰਨ ਉਪਰੰਤ ਇਸ ਦਾ ਪ੍ਰਿੰਟ ਆਪਣੇ ਕੋਲ ਰਿਕਾਰਡ ਹਿੱਤ ਰੱਖਣਗੇ। ਇਸ ਫਾਰਮ ਦੀ ਹਾਰਡ ਕਾਪੀ ਦਫਤਰ ਵਿਖੇ ਜਮ?ਹਾ ਕਰਵਾਉਣ ਦੀ ਜਰੂਰਤ ਨਹੀਂ ਹੈ। ਹੋਰ ਵਧੇਰੇ ਜਾਣਕਾਰੀ ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲੱਬਧ ਹੈ।

ਅੱਜ ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟ ਸੋਸਾਇਟੀ ਵਲੋਂ ਨੇਤਰਦਾਨ ਪੰਦਰਵਾੜਾਂ ਦੇ ਸੰਬੰਧ ਵਿੱਚ ਪ੍ਰਚਾਰ ਪਸਾਰ ਲਈ ਅੱਜ ਐਸ. ਡੀ. ਐਮ.

ਗੜ੍ਹਸ਼ੰਕਰ, 8 ਸਤੰਬਰ (ਪੈ.ਗਾਮ-ਏ-ਜਗਤ)
ਦਫਤਰ ਗੜ੍ਹਸ਼ੰਕਰ ਵਿਖੇ ਜਾਗਰੁਕਤਾ ਬੋਰਡ ਲਗਾਇਆ ਗਿਆ। ਇਸ ਮੌਕੇ ਤੇ ਡਾ: ਤਰਸੇਮ ਡਾ: ਤਰਸੇਮ ਸਿੰਘ (ਚੇਅਰਮੈਨ ਬੌਡੀ ਡੋਨੇਸ਼ਨ ਕਮੇਟੀ), ਡਾ. ਲਖਵਿੰਦਰ ਕੁਮਾਰ (ਪ੍ਰਧਾਨ ਗੜ੍ਹਸ਼ੰਕਰ ਯੂਨਿਟ), ਭੁਪਿੰਦਰ ਸਿੰਘ (ਜਨਰਲ ਸਕੱਤਰ), ਰਾਜਨ ਮੱਲ੍ਹਣ (ਕੈਸ਼ੀਅਰ), ਰਮਨਦੀਪ ਸਿੰਘ (ਪ੍ਰੈੱਸ ਸਕੱਤਰ) ਕ੍ਰਿਸ਼ਮ ਪਾਲ ਰਿਟਾਇਰਡ ਸੁਪਰਡੈਂਟ (ਮੋਟੀਵੇਟਰ) ਹੈਪੀ ਸਰਪੰਚ ਸਾਧੋਵਾਲ (ਰਾਜੂ ਬ੍ਰਦਰਜ਼ ਵੱਲਫੇਅਰ ਸੁਸਾਇਟੀ)



ਸ਼੍ਰੀ ਸੰਜੀਵ ਕੁਮਾਰ ਐਸ. ਡੀ. ਐਮ ਗੜ੍ਹਸ਼ੰਕਰ ਨਾਲ ਨੇਤਰਦਾਨ ਸਬੰਧੀ ਮੀਟਿੰਗ ਕੀਤੀ ਗਈ। ਡਾ: ਤਰਸੇਮ ਸਿੰਘ ਨੇ ਦੱਸਿਆ ਕਿ ਸੰਸਥਾ ਹੁਣ ਤੱਕ 4173 ਲੋਕਾਂ ਦੇ ਸਫਲ ਆਪ੍ਰੇਸ਼ਨ ਕਰ ਕੇ ਅੱਖਾਂ ਨੂੰ ਰੋਸ਼ਨੀ ਪ੍ਰਦਾਨ ਕਰ ਚੁੱਕੀ ਹੈ ਡਾ: ਲਖਵਿੰਦਰ ਕੁਮਾਰ ਨੇ ਸਰੀਰ ਦਾਨ ਕਰਨ ਸੰਬੰਧੀ ਜਾਣਕਾਰੀ ਦਿਤੀ ਐਸ.ਡੀ.ਐਮ. ਸਾਹਬ ਨੇ ਕਿਹਾ ਕਿ ਪ੍ਰਸ਼ਾਸ਼ਨ ਵਲੋਂ ਉਹਨਾਂ ਨੂੰ ਪੂਰਨ ਸਹਿਯੋਗ ਦਿੱਤਾ ਜਾਵੇਗਾ। ਉਹਨਾਂ ਨੇ ਇਸ ਮੁਹਿਮ ਨੂੰ ਸਹਿਯੋਗ ਕਰਨ ਲਈ ਇਲਾਕੇ ਵਿੱਚ ਕਾਰਜਸ਼ੀਲ ਵੱਖ-ਵੱਖ ਤਰਾਂ ਦੀਆਂ ਟੀਮਾਂ ਅਤੇ ਵਲੰਟੀਅਰਸ ਦੁਆਰਾ ਲੋਕਾਂ ਤੱਕ ਪਹੁੰਚਾਉਣ ਦਾ ਭਰੋਸਾ ਦਵਾਇਆ।

ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਨੇ ਡੀ.ਐਸ.ਪੀ. ਰਣਬੀਰ ਸਿੰਘ ਨੂੰ ਕੀਤਾ ਸਨਮਾਨਿਤ : ਡਾ. ਰਾਕੇਸ਼ ਵਰਮੀ

ਪਟਿਆਲਾ, 8 ਸਤੰਬਰ (ਪੈ.ਗਾਮ-ਏ-ਜਗਤ)
ਡੈਡੀਕੇਟਿਡ ਬ੍ਰਦਰਜ਼ ਗਰੁੱਪ ਰਜਿਸਟਰਡ ਪੰਜਾਬ ਪਟਿਆਲਾ ਦੇ ਸੰਸਥਾਪਕ ਪ੍ਰਧਾਨ ਡਾ.ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ 330ਵਾਂ ਮਾਸਿਕ ਮਿਲਣੀ ਪੰਜਾਬੀ ਸਭਿਆਚਾਰਕ ਪ੍ਰੋਗਰਾਮ ਅਤੇ ਸਿੱਖਿਆ ਸ਼ਾਸਤਰੀਆਂ ਦਾ ਵਿਸ਼ੇਸ ਸਨਮਾਨ ਸਮਾਰੋਹ ਭਾਸ਼ਾ ਭਵਨ ਵਿਖੇ ਆਯੋਜਿਤ ਕੀਤਾ।



ਰਣਬੀਰ ਸਿੰਘ ਡੀ.ਐਸ.ਪੀ (ਦਿਹਾਤੀ) ਪੰਜਾਬ ਪੁਲਿਸ ਪਟਿਆਲਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਅਤੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਜ਼, ਲੈਕਚਰਾਰ, ਪ੍ਰੋਫੈਸਰ, ਅਧਿਆਪਿਕਾਂ ਅਤੇ ਪੰਜਾਬੀ ਸਭਿਆਚਾਰਕ ਪ੍ਰੋਗਰਾਮ ਦੇ ਕਲਾਕਾਰਾਂ, ਚੰਨੀ ਮਿਓਜੀਕਲ ਗਰੁੱਪ ਦੀ ਟੀਮ ਅਤੇ ਫਿਲਮੀ ਐਕਟਰ, ਡਾਇਰੈਕਟਰ, ਪ੍ਰੋਡਿਓਸਰ ਸੋਮ ਸਹੋਤਾ ਨੂੰ ਸਨਮਾਨਿਤ ਕੀਤਾ।

ਹਰਸਿਮਰਨ ਕੌਰ ਨੂੰ ਟੇਬਲ ਟੈਨਿਸ ਵਿੱਚ ਨੈਸ਼ਨਲ ਖੇਡਣ ਲਈ ਸਨਮਾਨਿਤ ਕੀਤਾ। ਐਡਵੋਕੇਟ ਮਾਨਿਕ ਰਾਜ ਸਿੰਗਲਾ ਕੈਰੀਅਰ ਗਾਇਡੈਂਸ ਕਾਓਸਲਰ ਨੇ ਅਧਿਆਪਿਕ ਅਤੇ ਕਾਓਸਲਰ ਦੀ ਭੂਮਿਕਾ ਸਬੰਧੀ ਜਾਣਕਾਰੀ ਬਹੁਤ ਸਰਲ ਸਬਦਾਂ ਵਿੱਚ ਦਿੱਤੀ। ਕਾਕਾ ਰਾਮ ਵਰਮਾ ਚੀਫ ਟ੍ਰੇਨਰ ਫਸਟ ਏਡ ਨੇ ਸਭ ਨੂੰ ਜੀ ਆਇਆ ਆਖਿਆ। ਮਨਪ੍ਰੀਤ ਸ਼ਰਮਾਂ ਪ੍ਰਿੰਸੀਪਲ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਨੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੇ 32 ਪ੍ਰਾਜੈਕਟਾਂ ਦੀ ਭਰਪੂਰ ਪ੍ਰਸ਼ੰਸਾ ਕੀਤਾ। ਡੀ.ਐਸ.ਪੀ ਰਣਬੀਰ ਸਿੰਘ ਨੇ ਵੱਖ-ਵੱਖ ਸਕੂਲਾਂ ਦੇ 21 ਪ੍ਰਿਸੀਪਲਾਂ ਨੂੰ ਸਨਮਾਨਿਤ ਕੀਤਾ ਮੁੱਖ ਮਹਿਮਾਨ ਰਣਬੀਰ ਸਿੰਘ ਨੂੰ ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੀ ਗਰਵਨਿੰਗ ਬਾਡੀ ਨੇ ਸਨਮਾਨਿਤ ਕੀਤਾ। ਇਸ ਮੌਕੇ ਰਣਬੀਰ ਸਿੰਘ ਨੇ ਕਿਹਾ ਸਭ ਤੋਂ ਉੱਚਾ ਆਹੁਦਾ ਅਧਿਆਪਿਕ ਦਾ ਹੈ ਜੋ ਵੀ ਕੋਈ ਪੜਾਈ ਪੜ ਕੇ ਉੱਚ ਪਦਵੀ ਮਹਾਰਤ ਹਾਸਿਲ ਕਰਦਾ ਹੈ ਉਸ ਨੂੰ ਸਿਖਲਾਈ ਪੜਾਈ ਦੇਣ ਵਾਲਾ ਅਧਿਆਪਿਕ ਹੀ ਹੈ। ਉਨਾਂ ਕਿਹਾ ਵਿਦਿਆਰਥੀ ਜੀਵਨ ਵਿੱਚ ਮਾਂ ਬਾਪ ਨੂੰ ਆਪਣੇ ਬੱਚਿਆਂ ਦੀ ਸੁਸਾਇਟੀ ਸੰਗਤ ਤੇ ਵਿਸ਼ੇਸ ਧਿਆਨ ਦੇਣ ਦੀ ਜਰੂਰਤ ਹੈ। ਡਾ.ਰਿਸ਼ਮਾ ਕੋਹਲੀ ਨੇ ਮੰਚ ਸੰਚਾਲਨ ਕਰਦੇ ਹੋਏ ਕਿਹਾ ਅਧਿਆਪਿਕਾਂ ਅਤੇ ਮਾਪਿਆਂ ਦੀ ਜਿੰਮੇਵਾਰੀ ਬਨਦੀ ਹੈ ਉਹ ਵਿਦਿਆਰਥੀਆਂ ਉੱਤੇ ਧਿਆਨ ਦੇਣ ਜੇਕਰ ਬੱਚਿਆਂ ਵਿੱਚ ਚੰਗੇ ਵਿਚਾਰ ਸੰਸਕਾਰ ਪੈਦਾ ਕਰਨਾ ਚਾਹੁੰਦੇ ਹੋ ਤਾਂ ਪਹਿਲਾ ਆਪਣੇ ਤੇ ਲਾਗੂ ਕਰੋ। ਰਣਦੀਪ ਸਿੰਘ ਐਡਵੋਕੇਟ, ਰਾਜ ਕੁਮਾਰ ਜੋਸ਼ੀ, ਬਸ਼ੀਰ ਸਿਆਣੀ, ਪਰਮਿੰਦਰ ਸਿੰਘ, ਸੀਮਾ ਮਹਿਤਾ ਅਤੇ ਉਨਾਂ ਦੇ ਗਰੁੱਪ, ਚਰਨਜੀਤ ਸਿੰਘ ਚੰਨੀ ਅੰਬਰਸਰੀਆ ਤੇ ਉਨਾਂ ਦੇ ਮਿਓਜੀਸ਼ਨਾਂ ਦੀ ਟੀਮ ਨੇ ਪ੍ਰੋਗਰਾਮ ਨੂੰ ਬੰਨ ਕੇ ਰੱਖਿਆ। ਡੀ.ਬੀ.ਜੀ ਮੈਂਬਰਾਂ ਦੇ ਜਨਮ ਦਿਨ ਮਨਾਏ ਗਏ ਬਹੁਤ ਸੁੰਦਰ ਤੋਹਫੇ ਭੇਂਟ ਕਰਕੇ ਖੁਸੀਆਂ ਵੰਡੀਆਂ ਗਈਆਂ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਪ੍ਰੀਤ ਸਿੰਘ ਸੰਧੂ, ਡਾ.ਰਾਕੇਸ਼ ਵਰਮੀ, ਕਾਕਾ ਰਾਮ ਵਰਮਾ, ਦਿਲਪ੍ਰੀਤ ਸਿੰਘ ਬੈਨੀਪਾਲ, ਬੀ.ਐਸ ਬੇਦੀ, ਚਮਨ ਲਾਲ ਦੱਤ, ਬਲਜਿੰਦਰ ਸਿੰਘ, ਨੋਨੀ ਹਨੀ, ਕਾਰਤਿਕ ਅਸ਼ੋਕ ਸ਼ਰਮਾਂ, ਓਮ ਪ੍ਰਕਾਸ ਸਿੰਗਲਾ, ਅਨੰਤ ਸਿੰਘ, ਰਾਜ ਕੁਮਾਰ ਜੋਸ਼ੀ ਵੀ ਹਾਜਿਰ ਰਹੇ। ਇਹ ਜਾਣਕਾਰੀ ਚਮਨ ਲਾਲ ਦੱਤ ਨੇ ਦਿੱਤੀ।

'ਹਰਿਤ ਸੰਕਲਪ ਸਮਾਰੋਹ' : ਜੇ ਕੁਦਰਤ ਕੇਵਲ ਪੰਜ ਮਿੰਟਾਂ ਲਈ ਹੜਤਾਲ ਕਰ ਦੇਵੇ ਤਾਂ ਕੁਹਰਾਮ ਮੱਚ ਜਾਵੇ-ਪ੍ਰੋ. ਚੌਹਾਨ

ਪੈ.ਗਾਮ-ਏ-ਜਗਤ/ਅੰਬਾਲਾ 8 ਸਤੰਬਰ (ਆਰ.ਸਿੰਘ)
ਹਿਊਮਨ ਫਾਊਂਡੇਸ਼ਨ ਵੱਲੋਂ ਅੰਬਾਲਾ ਸ਼ਹਿਰ ਦੇ ਪੁਲੀਸ ਡੀਏਵੀ ਪਬਲਿਕ ਸਕੂਲ ਵਿਚ ਸਕੂਲ ਦੇ ਸਹਿਯੋਗ ਨਾਲ 'ਹਰਿਤ ਸੰਕਲਪ ਸਮਾਰੋਹ' ਕਰਵਾਇਆ ਗਿਆ। ਇਸ ਸਮਾਰੋਹ ਦਾ ਉਦੇਸ਼ ਵਿਦਿਆਰਥੀਆਂ ਵਿਚ ਵਾਤਾਵਰਣ ਸੁਰੱਖਿਆ, ਸਫ਼ਾਈ, ਕੁਦਰਤ ਪ੍ਰਤੀ ਪਿਆਰ ਅਤੇ ਜਿੰਮੇਵਾਰੀ ਅਤੇ ਹਰਿਆਲੀ ਭਰੀ ਜੀਵਨ ਸ਼ੈਲੀ ਪ੍ਰਤੀ ਜਾਗਰੂਕ ਕਰਨਾ ਸੀ।



ਆਪਣੇ ਸਵਾਗਤੀ ਭਾਸ਼ਣ ਵਿਚ ਪ੍ਰਿੰਸੀਪਲ ਡਾ. ਵਿਕਾਸ ਕੋਹਲੀ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਸਿਰਫ਼ ਸਰਕਾਰ ਜਾਂ ਕਿਸੇ ਇੱਕ ਸੰਸਥਾ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਇਹ ਹਰ ਨਾਗਰਿਕ ਦਾ ਫ਼ਰਜ਼ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਕੁਦਰਤ ਦੀ ਸੰਭਾਲ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਲਈ ਉਤਸ਼ਾਹਿਤ ਕੀਤਾ। ਸਮਾਰੋਹ ਦੇ ਮੁੱਖ ਮਹਿਮਾਨ ਪ੍ਰੋ. ਇਕਬਾਲ ਸਿੰਘ ਚੌਹਾਨ ਨੇ ਜ਼ੋਰ ਦੇ ਕੇ ਕਿਹਾ ਕਿ ਰੁੱਖ ਲਗਾਉਣਾ ਵਾਤਾਵਰਣ ਸੁਰੱਖਿਆ ਅਤੇ ਕੁਦਰਤੀ ਸੰਤੁਲਨ ਬਣਾਈ ਰੱਖਣ ਵਿੱਚ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਰੋਜ਼ ਹੜਤਾਲਾਂ ਦੀਆਂ ਖ਼ਬਰਾਂ ਸੁਣਦੇ ਹਾਂ ਅਤੇ ਇਸ ਦੌਰਾਨ ਆਮ ਆਦਮੀ ਨੂੰ ਤਕਲੀਫ਼ਾਂ ਝੱਲਣੀਆਂ ਪੈਂਦੀਆਂ ਹਨ ਪਰ ਕਲਪਨਾ ਕਰੋ ਕਿ ਜੇ ਕੁਦਰਤ 5 ਮਿੰਟਾਂ ਲਈ ਵੀ ਹੜਤਾਲ ਕਰ ਦੇਵੇ ਤਾਂ ਕੁਹਰਾਮ ਮੱਚ ਜਾਵੇ।

ਇਸ ਸਮਾਰੋਹ ਵਿਚ ਹਿਊਮਨ ਫਾਊਂਡੇਸ਼ਨ ਤੋਂ ਡਾ. ਜੋਗਿੰਦਰ ਸਿੰਘ, ਡਾ. ਰਤਨ ਸਿੰਘ ਢਿੱਲੋਂ, ਸ੍ਰੀ ਸੁਨੀਲ ਅਰੋੜਾ ਅਤੇ ਸ੍ਰੀ ਗੁਰਮੀਤ ਸਿੰਘ ਚੋਪੜਾ ਵੀ ਮੌਜੂਦ ਸਨ।

ਡਾ. ਰਤਨ ਸਿੰਘ ਢਿੱਲੋਂ ਨੇ ਕਿਹਾ ਕਿ ਵਾਤਾਵਰਣ ਸਾਡੇ ਜੀਵਨ ਦੀ ਅਸਲ ਨੀਂਹ ਹੈ। ਪਰ ਅੱਜ ਇਹ ਕਹਿਣਾ ਬਹੁਤ ਦੁੱਖ ਦੀ ਗੱਲ ਹੈ ਕਿ ਆਧੁਨਿਕਤਾ ਅਤੇ ਵਿਕਾਸ ਦੀ ਇਸ ਅੰਨ੍ਹੀ ਦੌੜ ਵਿੱਚ ਮਨੁੱਖ ਖ਼ੁਦ ਇਸ ਨੀਂਹ ਨੂੰ ਤਬਾਹ ਕਰ ਰਹੇ ਹਨ। ਵਧਦੀ ਆਬਾਦੀ, ਬੇਕਾਬੂ ਉਦਯੋਗੀਕਰਨ, ਜੰਗਲਾਂ ਦੀ ਕਟਾਈ ਅਤੇ ਪਲਾਸਟਿਕ ਦੀ ਬਹੁਤ ਜ਼ਿਆਦਾ ਵਰਤੋਂ ਨੇ ਸਾਡੇ ਗ੍ਰਹਿ ਨੂੰ ਸੰਕਟ ਵਿੱਚ ਪਾ ਦਿੱਤਾ ਹੈ। ਅੱਜ ਸਾਡੀਆਂ ਨਦੀਆਂ ਪ੍ਰਦੂਸ਼ਿਤ ਹਨ ਅਤੇ ਹਵਾ ਜ਼ਹਿਰੀਲੀ ਹੋ ਗਈ ਹੈ। ਆਓ ਅਸੀਂ ਸਾਰੇ ਕੁਦਰਤ ਦਾ ਸਤਿਕਾਰ ਕਰਨ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਪ੍ਰਣ ਕਰੀਏ।

ਇਸ ਮੌਕੇ ਵਿਦਿਆਰਥੀਆਂ ਵੱਲੋਂ ਵਾਤਾਵਰਣ ਦੀ ਸੰਭਾਲ ਸਬੰਧੀ ਕਵਿਤਾਵਾਂ ਅਤੇ ਲਘੂ ਨਾਟਕ ਪੇਸ਼ ਕੀਤੇ। ਉਨ੍ਹਾਂ ਨੇ ਵੱਖ-ਵੱਖ ਗਤੀਵਿਧੀਆਂ ਅਤੇ ਪੇਸ਼ਕਾਰੀਆਂ ਰਾਹੀਂ ਹਰੇ ਭਰੇ ਅਤੇ ਸਾਫ਼ ਵਾਤਾਵਰਣ ਦਾ ਸੰਦੇਸ਼ ਫੈਲਾਇਆ। ਸਮਾਰੋਹ ਵਿਚ ਮੌਜੂਦ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵਾਤਾਵਰਣ ਨੂੰ ਸਾਫ਼, ਸੁਰੱਖਿਅਤ ਅਤੇ ਹਰੇ-ਭਰੇ ਰੱਖਣ, ਵੱਧ ਤੋਂ ਵੱਧ ਰੁੱਖ ਲਾਉਣ, ਉਨ੍ਹਾਂ ਦੀ ਦੇਖਭਾਲ ਕਰਨ, ਪਾਣੀ ਅਤੇ ਬਿਜਲੀ ਦੀ ਸੰਭਾਲ ਕਰਨ ਅਤੇ ਪਲਾਸਟਿਕ ਦੀ ਬੇਲੋੜੀ ਵਰਤੋਂ ਤੋਂ ਬਚਣ ਦਾ ਪ੍ਰਣ ਲਿਆ।

ਇਸ ਤੋਂ ਪਹਿਲਾਂ ਪ੍ਰੋ, ਚੌਹਾਨ ਜੋ ਖ਼ੁਦ ਬਨਸਪਤੀ ਵਿਗਿਆਨ ਦੇ ਮਾਹਿਰ ਹਨ, ਨੇ ਸਕੂਲ ਵਿੱਚ ਇਕ ਚਮੇਲੀ ਅਤੇ ਦੋ ਨਿੰਮ ਦੇ ਰੁੱਖ ਵੀ ਲਾਏ।ਵਿਦਿਆਰਥੀਆਂ ਨੇ ਮੁੱਖ ਮਹਿਮਾਨ ਨੂੰ ਸਕੂਲ ਵਿੱਚ ਲਾਏ ਗਏ ਵੱਖ-ਵੱਖ ਔਸ਼ਧੀ ਪੌਦਿਆਂ ਬਾਰੇ ਜਾਣਕਾਰੀ ਅਤੇ ਵਿਚਾਰ ਪੇਸ਼ ਕੀਤੇ।

100 ਸਾਲਾ ਮਹਾਨ 'ਆਦਿ ਧਰਮ' ਸਮਾਗਮ 1 ਨਵੰਬਰ ਨੂੰ ਨਗਰ 'ਚ ਹੋਵੇਗਾ : ਸੰਤ ਸਰਵਣ ਦਾਸ ਬੋਹਣ

ਪੈ.ਗਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ)
ਸਮਤਾ, ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਲਈ ਸਥਾਪਿਤ ਕੀਤੇ ਆਦਿ ਧਰਮ ਦੇ 100 ਸਾਲਾ ਸਥਾਪਨਾ ਵਰੇਗੰਢ ਦੀ ਖੁਸ਼ੀ 'ਚ ਮਹਾਨ ਆਦਿ ਧਰਮ ਸਮਾਗਮ 1 ਨਵੰਬਰ ਨੂੰ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਸੰਤ ਸਰਵਣ ਦਾਸ ਜੀ ਗੱਦੀ ਨਸ਼ੀਨ ਡੇਰਾ 108 ਸੰਤ ਸੀਤਲ ਦਾਸ ਬੋਹਣ ਵਲੋਂ 100 ਸਾਲ ਸੰਤ ਸਮਾਜ ਆਦਿ ਧਰਮ ਦੇ ਨਾਲ ਮਹਾਨ ਸਮਾਗਮ ਦੇ ਕਾਰਡ ਸੰਗਤਾਂ ਲਈ ਜਾਰੀ ਕਰਦਿਆਂ ਕੀਤਾ।



ਇਸ ਮੌਕੇ ਸੰਤ ਸਤਵਿੰਦਰ ਹੀਰਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ (ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ.ਭਾਰਤ) ਅਤੇ ਮਹੰਤ ਪ੍ਰਸ਼ੋਤਮ ਲਾਲ ਗੱਦੀ ਨਸ਼ੀਨ ਇਤਿਹਾਸਕ ਦੇਹਰਾ ਸ੍ਰੀ ਗੁਰੂ ਰਵਿਦਾਸ ਮੰਦਿਰ ਸੱਚਖੰਡ ਚੱਕ ਹਕੀਮ ਫਗਵਾੜਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਡੇਰਾ 108 ਸੰਤ ਮੇਲਾ ਰਾਮ ਨਗਰ (ਫਿਲੌਰ) ਵਿਖੇ ਸੰਤ ਸਰਵਣ ਦਾਸ ਜੀ ਮਹਾਰਾਜ ਬੋਹਣ ਵਾਲਿਆਂ ਦੀ ਰਹਿਨੁਮਾਈ ਅਤੇ ਸੰਤ ਪਰਮਜੀਤ ਦਾਸ ਜੀ ਨਗਰ ਵਾਲਿਆਂ ਦੀ ਦੇਖ ਰੇਖ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ, ਜਿਸ ਦੇ ਕਾਰਡ ਅੱਜ ਸੰਤ ਸਰਵਣ ਦਾਸ ਜੀ ਵਲੋਂ ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਸੰਗਤਾਂ ਲਈ ਜਾਰੀ ਕੀਤੇ ਹਨ। ਉਨਾਂ ਦੱਸਿਆ ਕਿ ਇਨਾਂ ਸਮਾਗਮਾਂ ਵਿੱਚ ਭਾਰਤ ਦੀਆਂ ਉੱਘੀਆਂ ਮਹਾਨ ਸਖਸ਼ੀਅਤਾਂ ਤੋਂ ਇਲਾਵਾ ਸੰਤ ਮਹਾਂਪੁਰਸ਼, ਬੁੱਧੀਜੀਵੀ, ਵਿਦਵਾਨ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ। ਉਨਾਂ ਸਮੂਹ ਸੰਗਤਾਂ ਨੂੰ ਇਨਾਂ ਸਮਾਗਮਾਂ ਵਿੱਚ ਹੁੰਮ ਹੁਮਾ ਕੇ ਪਹੁੰਚ ਕੇ ਆਦਿ ਧਰਮ ਦੇ ਝੰਡੇ ਬੁਲੰਦ ਕਰਨ ਦੀ ਅਪੀਲ ਕੀਤੀ ਅਤੇ ਜਨਗਣਨਾ ਵਿੱਚ ਆਦਿ ਧਰਮ ਲਿਖਵਾਉਣ ਅਤੇ ਆਦਿ ਧਰਮ ਦਾ ਕਾਲਿਮ ਸਥਾਪਤ ਕਰਾਉਣ ਲਈ ਸਮਤਾ,ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਲਈ 1 ਨਵੰਬਰ ਨੂੰ ਆਦਿ ਧਰਮ ਸਮਾਗਮ ਨਗਰ ਵਿਖੇ ਹਾਜਰੀ ਭਰਨ ਦੀ ਅਪੀਲ ਕੀਤੀ।

ਇਸ ਮੌਕੇ ਕੈਪਟਨ ਬੀ ਕੇ ਨਈਅਰ ਇੰਗਲੈਂਡ, ਇੰਸਪੈਕਟਰ ਰਾਮ ਭੱਜ ਕਰਾੜੀ (ਰਿਟਾ.), ਲਵਪ੍ਰੀਤ ਡੇਰਾ ਬੋਹਣ, ਗਿਆਨੀ ਰਵਿੰਦਰ ਸਿੰਘ ਹਰਮੋਏ, ਠਾਕੁਰ ਦਾਸ ਆਦਿ ਹਾਜਰ ਸਨ।

ਨੇਤਰਦਾਨ ਜਾਗਰੂਕਤਾ ਲਈ ਤਹਿਸੀਲਦਾਰ ਨਾਲ ਮੀਟਿੰਗ

ਗੜ੍ਹਸ਼ੰਕਰ, 8 ਸਤੰਬਰ (ਪੈ.ਗਾਮ-ਏ-ਜਗਤ)
ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟ ਸੋਸਾਇਟੀ ਵਲੋਂ ਨੇਤਰਦਾਨ ਪ੍ਰਤੀ ਜਾਗਰੂਕਤਾ ਤਹਿਤ ਤਹਿਸੀਲਦਾਰ ਸ. ਲਵਦੀਪ ਸਿੰਘ ਧੂਤ ਗੜ੍ਹਸ਼ੰਕਰ ਨਾਲ ਉਹਨਾਂ ਦੇ ਦਫਤਰ ਵਿੱਚ ਮੀਟਿੰਗ ਦਾ ਆਯੋਜਨ ਕੀਤਾ ਗਿਆ ਸੀ।



ਇਸ ਮੀਟਿੰਗ ਵਿੱਚ ਡਾ: ਤਰਸੇਮ ਸਿੰਘ (ਚੇਅਰਮੈਨ ਬੌਡੀ ਡੋਨੇਸ਼ਨ ਕਮੇਟੀ), ਡਾ ਲਖਵਿੰਦਰ ਕੁਮਾਰ (ਪ੍ਰਧਾਨ ਗੜ੍ਹਸ਼ੰਕਰ ਯੂਨਿਟ), ਓਂਕਾਰ ਸਿੰਘ ਚਾਹਲਪੁਰੀ (ਸਕੱਤਰ) ਭੁਪਿੰਦਰ ਸਿੰਘ (ਜਨਰਲ ਸਕੱਤਰ), ਰਾਜਨ ਮੱਲ੍ਹਣ (ਕੈਸ਼ੀਅਰ), ਰਮਨਦੀਪ ਸਿੰਘ (ਪ੍ਰੈੱਸ ਸਕੱਤਰ) ਕ੍ਰਿਸ਼ਮ ਪਾਲ ਰਿਟਾਇਰਡ ਸੁਪਰਡੈਂਟ (ਮੋਟੀਵੇਟਰ) ਹੈਪੀ ਸਰਪੰਚ ਸਾਧੋਵਾਲ (ਰਾਜੂ ਬ੍ਰਦਰਜ਼ ਵੱਲਫੇਅਰ ਸੁਸਾਇਟੀ), ਰਵਿੰਦਰ ਸਿੰਘ (ਕਾਨੂੰਗੋ), ਹਰਪ੍ਰੀਤ ਪਾਲ (ਪਟਵਾਰੀ) ਤੇ ਹੋਰ ਵੀ ਹਾਜਰ ਸਨ ਤਹਿਸੀਲਦਾਰ ਲਵਦੀਪ ਸਿੰਘ ਧੂਤ ਜੀ ਨੂੰ ਡਾ: ਤਰਸੇਮ ਸਿੰਘ ਅਤੇ ਸਾਰੀ ਟੀਮ ਵਲੋਂ ਨੇਤਰਦਾਨ ਪ੍ਰਤੀ ਜਾਣਕਾਰੀ ਦਿੱਤੀ ਗਈ ਤੇ ਦੱਸਿਆ ਕਿ ਸੰਸਥਾ ਹੁਣ ਤੱਕ 4173 ਲੋਕਾਂ ਦੀ ਅੱਖ ਦੀ ਪੁਤਲੀ ਬਦਲਾਅ ਚੁੱਕੀ ਹੈ।ਤੇ 34 ਬਾਡੀ ਮੈਡੀਕਲ ਕਾਲਜਾਂ ਨੂੰ ਭੇਜੀਆਂ ਜਾ ਚੁੱਕੀਆਂ ਹਨ।

ਸ਼੍ਰੀ ਲਵਦੀਪ ਸਿੰਘ ਧੂਤ ਤਹਿਸੀਲਦਾਰ ਸਾਹਿਬ ਨੇ ਸੰਸਥਾ ਦੇ ਕੰਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਵੱਖ -ਵੱਖ ਪਿੰਡਾਂ ਵਿੱਚ ਲੰਬੜਦਾਰ, ਅਤੇ ਪਟਵਾਰੀਆਂ ਦੀ ਮੀਟਿੰਗਾਂ ਵਿੱਚ ਸੰਸਥਾ ਦਾ ਸੁਨੇਹਾ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਿਯੋਗ ਕਰਨਗੇ।

ਰਾਣਾ ਰਣਵੀਰ ਸਿੰਘ, ਅਨੂ ਭਾਰਦਵਾਜ, ਨਰਿੰਦਰ ਸਿੰਘ ਤੇ ਪਰਮਿੰਦਰ ਸਿੰਘ ਨੂੰ ਜਨਰਲ ਕੌਂਸਲ ਮੈਂਬਰ ਬਣਾਉਣ 'ਤੇ ਸੰਜੀਵ ਤਲਵਾੜ ਵੱਲੋਂ ਵਧਾਈ

ਪੈ.ਗਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ)
ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਲਏ ਜਾ ਰਹੇ ਫੈਸਲਿਆਂ ਤਹਿਤ ਹਲਕਾ ਹੁਸ਼ਿਆਰਪੁਰ ਨਾਲ ਸਬੰਧਤ ਰਾਣਾ ਰਣਵੀਰ ਸਿੰਘ ਹੁਸ਼ਿਆਰਪੁਰ, ਅਨੂ ਭਾਰਦਵਾਜ ਅੱਜੋਵਾਲ, ਸ. ਨਰਿੰਦਰ ਸਿੰਘ ਸਾਬਕਾ ਕੌਂਸਲਰ ਹੁਸ਼ਿਆਰਪੁਰ ਅਤੇ ਸ. ਪਰਮਿੰਦਰ ਸਿੰਘ ਢੋਲਣਵਾਲ ਨੂੰ ਪਾਰਟੀ ਦੀ ਜਨਰਲ ਕੌਂਸਲ ਦਾ ਮੈਂਬਰ ਬਣਾਏ ਜਾਣ 'ਤੇ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਅਤੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਸਮੂਹ ਆਗੂਆਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਹੈ।

ਸੰਜੀਵ ਤਲਵਾੜ ਨੇ ਕਿਹਾ ਕਿ ਪਾਰਟੀ ਪ੍ਰਤੀ ਲੰਮੇ ਸਮੇਂ ਤੋਂ ਸਮਰਪਿਤ ਭਾਵਨਾ ਨਾਲ ਕੰਮ ਕਰ ਰਹੇ ਆਗੂਆਂ ਨੂੰ ਜ਼ਿੰਮੇਵਾਰੀ ਸੌਂਪਣਾ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤ ਜਥੇਬੰਦਕ ਪਰੰਪਰਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਰਾਣਾ ਰਣਵੀਰ ਸਿੰਘ, ਅਨੂ ਭਾਰਦਵਾਜ, ਸ. ਨਰਿੰਦਰ ਸਿੰਘ ਅਤੇ ਸ. ਪਰਮਿੰਦਰ ਸਿੰਘ ਨੇ ਹਮੇਸ਼ਾ ਪਾਰਟੀ ਦੀ ਮਜ਼ਬੂਤੀ ਅਤੇ ਚੜ੍ਹਦੀ ਕਲਾ ਲਈ ਸਰਗਰਮੀ ਨਾਲ ਕੰਮ ਕੀਤਾ ਹੈ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਪਾਰਟੀ ਵੱਲੋਂ ਮਾਨਤਾ ਮਿਲਣਾ ਸਮੁੱਚੇ ਵਰਕਰਾਂ ਲਈ ਵੀ ਹੌਸਲੇ ਵਾਲੀ ਗੱਲ ਹੈ।




ਉਨ੍ਹਾਂ ਕਿਹਾ ਕਿ ਨਵੀਂ ਜ਼ਿੰਮੇਵਾਰੀ ਮਿਲਣ ਨਾਲ ਇਨ੍ਹਾਂ ਆਗੂਆਂ ਦੇ ਤਜਰਬੇ ਅਤੇ ਸਰਗਰਮ ਭੂਮਿਕਾ ਦਾ ਲਾਭ ਪਾਰਟੀ ਨੂੰ ਹੋਰ ਵੱਡੇ ਪੱਧਰ 'ਤੇ ਮਿਲੇਗਾ। ਸੰਜੀਵ ਤਲਵਾੜ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਜਨਰਲ ਕੌਂਸਲ ਮੈਂਬਰ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਵਰਕਰਾਂ ਨੂੰ ਇਕਜੁੱਟ ਕਰਕੇ ਹਲਕਾ ਹੁਸ਼ਿਆਰਪੁਰ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਭੂਮਿਕਾ ਨਿਭਾਉਣਗੇ।

ਸੰਜੀਵ ਤਲਵਾੜ ਨੇ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਮਿਹਨਤੀ, ਸਮਰਪਿਤ ਅਤੇ ਵਫ਼ਾਦਾਰ ਸਾਥੀਆਂ ਨੂੰ ਜ਼ਿੰਮੇਵਾਰੀਆਂ ਦੇ ਕੇ ਉਨ੍ਹਾਂ ਦਾ ਮਾਣ-ਸਨਮਾਨ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਆਗੂਆਂ ਅਤੇ ਵਰਕਰਾਂ ਦੀ ਇਕਜੁੱਟਤਾ ਹੀ ਸਭ ਤੋਂ ਵੱਡੀ ਤਾਕਤ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹਲਕਾ ਹੁਸ਼ਿਆਰਪੁਰ ਵਿੱਚ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਸਾਰਿਆਂ ਨੂੰ ਨਾਲ ਲੈ ਕੇ ਕੰਮ ਕੀਤਾ ਜਾਵੇਗਾ।

ਓਮ ਫੂਡ ਪ੍ਰੋਡਕਟਸ ਊਨਾ ਵਿੱਚ ਭਰੇ ਜਾਣਗੇ 30 ਅਹੁਦੇ, ਇੰਟਰਵਿਊ 11 ਸਤੰਬਰ ਨੂੰ ਜ਼ਿਲ੍ਹਾ ਰੋਜ਼ਗਾਰ ਅਧਿਕਾਰੀ ਊਨਾ ਵਿੱਚ

ਊਨਾ, 8 ਅਗਸਤ (ਪੈ.ਗਾਮ-ਏ-ਜਗਤ)
ਮੈਸਰਜ਼ ਓਮ ਫੂਡ ਪ੍ਰੋਡਕਟਸ ਊਨਾ ਵਿੱਚ ਪ੍ਰੋਡਕਸ਼ਨ ਵਰਕਰ, ਪੈਕੇਜਿੰਗ ਵਰਕਰ, ਬੇਕਰੀ ਸ਼ੈਫ ਅਤੇ ਸਕਿਓਰਿਟੀ ਗਾਰਡ ਦੇ ਕੁੱਲ 30 ਅਹੁਦੇ ਸਿਰਫ਼ ਪੁਰਸ਼ ਵਰਗ ਵਿੱਚ ਹੀ ਭਰੇ ਜਾਣਗੇ। ਇਨ੍ਹਾਂ ਅਹੁਦਿਆਂ ਲਈ ਇੰਟਰਵਿਊ 11 ਸਤੰਬਰ ਨੂੰ ਸਵੇਰੇ 10:30 ਵਜੇ ਜ਼ਿਲ੍ਹਾ ਰੋਜ਼ਗਾਰ ਦਫ਼ਤਰ, ਊਨਾ ਵਿੱਚ ਆਯੋਜਿਤ ਕੀਤਾ ਜਾਵੇਗਾ। ਜ਼ਿਲ੍ਹਾ ਰੋਜ਼ਗਾਰ ਅਧਿਕਾਰੀ ਊਨਾ ਅਕਸ਼ੈ ਸ਼ਰਮਾ ਨੇ ਦੱਸਿਆ ਕਿ ਇੰਟਰਵਿਊ ਵਿੱਚ ਚੁਣੇ ਗਏ ਉਮੀਦਵਾਰ ਦਾ ਕੰਮ ਮੇਹਤਪੁਰ ਉਦਯੋਗਿਕ ਖੇਤਰ ਪਲਾਟ ਨੰ. 55, 118 ਵਿੱਚ ਰਹੇਗਾ। ਉਨ੍ਹਾਂ ਦੱਸਿਆ ਕਿ ਪ੍ਰੋਡਕਸ਼ਨ ਵਰਕਰ ਅਤੇ ਪੈਕੇਜਿੰਗ ਵਰਕਰ ਅਹੁਦੇ ਲਈ ਵਿੱਦਿਅਕ ਯੋਗਤਾ 8ਵੀਂ, 10ਵੀਂ ਅਤੇ 12ਵੀਂ, ਉਮਰ 18 ਤੋਂ 35 ਸਾਲ ਅਤੇ ਮਹੀਨਾਵਾਰ ਤਨਖਾਹ 15 ਹਜ਼ਾਰ ਨਿਰਧਾਰਤ ਕੀਤੀ ਹੈ। ਉੱਥੇ ਹੀ, ਬੇਕਰੀ ਸ਼ੈਫ ਲਈ 8ਵੀਂ, 10ਵੀਂ ਅਤੇ 12ਵੀਂ, ਇੱਕ ਸਾਲ ਦਾ ਤਜਰਬਾ, ਉਮਰ ਸੀਮਾ 20 ਤੋਂ 35 ਸਾਲ ਅਤੇ 20 ਤੋਂ 25 ਸਾਲ ਨਿਰਧਾਰਤ ਕੀਤੀ ਹੈ। ਇਸ ਤੋਂ ਇਲਾਵਾ ਸਕਿਓਰਿਟੀ ਗਾਰਡ



ਅਹੁਦੇ ਲਈ 10ਵੀਂ, ਉਮਰ ਸੀਮਾ 18 ਤੋਂ 35 ਸਾਲ ਅਤੇ ਮਹੀਨਾਵਾਰ ਤਨਖਾਹ 15 ਹਜ਼ਾਰ ਨਿਰਧਾਰਤ ਕੀਤੀ ਗਈ ਹੈ। ਜ਼ਿਲ੍ਹਾ ਰੋਜ਼ਗਾਰ ਅਧਿਕਾਰੀ ਨੇ ਦੱਸਿਆ ਕਿ ਇੱਛੁਕ ਉਮੀਦਵਾਰ ਆਪਣੇ ਵਿੱਦਿਅਕ ਯੋਗਤਾ ਸਰਟੀਫਿਕੇਟ, ਜਨਮ ਮਿਤੀ ਸਰਟੀਫਿਕੇਟ, ਰੋਜ਼ਗਾਰ ਦਫ਼ਤਰ ਦਾ ਰਜਿਸਟ?ਰੇਸ਼ਨ ਕਾਰਡ, ਆਧਾਰ ਕਾਰਡ, ਦੋ ਪਾਸਪੋਰਟ ਸਾਈਜ਼ ਫੋਟੋਆਂ, ਅਸਲ ਸਰਟੀਫਿਕੇਟ, ਬਾਇਓਡਾਟਾ (ਰਿਜ਼ਿਊਮ) ਅਤੇ ਤਜਰਬਾ ਸਰਟੀਫਿਕੇਟ (ਜੇਕਰ ਹੋਵੇ) ਦੀਆਂ ਕਾਪੀਆਂ ਸਮੇਤ ਇੰਟਰਵਿਊ ਵਿੱਚ ਹਾਜ਼ਰ ਹੋ ਸਕਦੇ ਹਨ।

ਉਨ੍ਹਾਂ ਸਾਰੇ ਯੋਗ ਬਿਨੈਕਾਰਾਂ ਨੂੰ ਇਸ ਕੈਂਪਸ ਇੰਟਰਵਿਊ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਅਤੇ ਰੋਜ਼ਗਾਰ ਦੇ ਮੌਕੇ ਦਾ ਲਾਭ ਉਠਾਉਣ ਦੀ ਅਪੀਲ ਕੀਤੀ ਹੈ। ਵਧੇਰੇ ਜਾਣਕਾਰੀ ਲਈ ਮੋਬਾਈਲ ਨੰਬਰ 787668-4905 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਰਿਆਤ ਬਾਹਰਾ ਯੂਨੀਵਰਸਿਟੀ ਵਿੱਚ ਲਾਇਬੇਰੀਆ ਦਿਵਸ ਮਨਾਇਆ

ਚੰਡੀਗੜ੍ਹ, 8 ਸਤੰਬਰ (ਪੈ.ਗਾਮ-ਏ-ਜਗਤ)

ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਲਾਇਬੇਰੀਆ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਦੀ ਨਵੀਂ ਗਠਿਤ ਲਾਇਬੇਰੀਅਨ ਸਟੂਡੈਂਟਸ ਐਸੋਸੀਏਸ਼ਨ ਦਾ ਉਦਘਾਟਨ ਵੀ ਕੀਤਾ ਗਿਆ। ਐਲਬੇਕ ਕਾਈ ਗਬੀਆਹ ਨੂੰ ਐਸੋਸੀਏਸ਼ਨ ਦਾ ਪ੍ਰਧਾਨ ਚੁਣਿਆ ਗਿਆ। ਸਮਾਗਮ ਦੀ ਸ਼ੁਰੂਆਤ ਲਾਇਬੇਰੀਆ ਦੇ ਰਾਸ਼ਟਰੀ ਗੀਤ ਨਾਲ ਹੋਈ, ਜਿਸ ਉਪਰੰਤ ਜਾਰਜ ਡਾਰਵੇ ਨੇ ਪ੍ਰਾਰਥਨਾ ਕਰਵਾਈ।

ਜੋਨ ਡੀ. ਕਰਮਨ ਨੇ ਮਹਿਮਾਨਾਂ ਅਤੇ ਲਾਇਬੇਰੀਅਨ ਵਿਦਿਆਰਥੀਆਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਵਿੱਚ ਏਕਤਾ ਨੂੰ ਮਜ਼ਬੂਤ ਕਰਨ ਅਤੇ ਆਪਣੀ ਸੱਭਿਆਚਾਰਕ ਪਛਾਣ, ਪਰੰਪਰਾਵਾਂ ਤੇ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਰਿਆਤ ਬਾਹਰਾ ਗਰੁੱਪ ਦੇ ਵਾਈਸ-ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਲਾਇਬੇਰੀਅਨ ਵਿਦਿਆਰਥੀਆਂ ਦੀ ਭਲਾਈ ਲਈ ਸਮਰਪਣ, ਟੀਮ ਵਰਕ ਅਤੇ ਪੂਰੀ ਵਚਨਬੱਧਤਾ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਐਸੋਸੀਏਸ਼ਨ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਇਸ ਦੀ ਲੀਡਰਸ਼ਿਪ ਲਾਇਬੇਰੀਅਨ ਵਿਦਿਆਰਥੀ ਭਾਈਚਾਰੇ ਦੀ ਭਲਾਈ ਅਤੇ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰੇਗੀ।

ਡੀਨ, ਵਿਦਿਆਰਥੀ ਭਲਾਈ, ਡਾ. ਸਿਮਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਲਾਇਬੇਰੀਆ ਦਿਵਸ ਅਤੇ ਝੰਡਾ ਲਹਿਰਾਉਣ ਦੀ ਰਸਮ ਦੀ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗਿਆਨ ਅਤੇ ਕਦਰਾਂ-ਕੀਮਤਾਂ ਆਧਾਰਿਤ ਸਿੱਖਿਆ ਹਾਸਲ ਕਰਨ ਦੇ ਨਾਲ-ਨਾਲ ਆਪਣੀ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਲਈ ਉਤਸ਼ਾਹਿਤ ਕੀਤਾ।

ਇੰਟਰਨੈਸ਼ਨਲ ਸਟੂਡੈਂਟਸ ਦੇ ਪ੍ਰਧਾਨ ਮਾਈਕਲ ਨੇ ਨਵੇਂ ਚੁਣੇ ਨੁਮਾਇੰਦਿਆਂ ਨੂੰ ਦੂਰਦਰਸ਼ਤਾ, ਏਕਤਾ ਅਤੇ ਇਮਾਨਦਾਰੀ ਨਾਲ ਐਸੋਸੀਏਸ਼ਨ ਦੀ ਅਗਵਾਈ ਕਰਨ ਦੀ ਅਪੀਲ ਕੀਤੀ।

ਨਵੇਂ ਅਹੁਦੇਦਾਰਾਂ ਵਿੱਚ ਐਲਬੇਕ ਕਾਈ ਗਬੀਆਹ ਪ੍ਰਧਾਨ, ਜਾਰਜੈਸਟ ਏ. ਡਵੇਹ ਉਪ-ਪ੍ਰਧਾਨ, ਮੌਰਿਸ ਐਫ. ਟੇਲਰ ਜਨਰਲ ਸਕੱਤਰ ਅਤੇ ਹਾਜਾ ਐਮ.ਕੇ. ਜਬਾਤੇਹ ਖਜ਼ਾਨਚੀ ਚੁਣੇ ਗਏ। ਜੋਸਲਿਨ ਬੀ.ਸੀ. ਟੂਮੀ ਨੇ ਕਿਹਾ ਕਿ ਪ੍ਰਭਾਵਸ਼ਾਲੀ ਲੀਡਰਸ਼ਿਪ ਲਈ ਸਪੱਸ਼ਟ ਦ੍ਰਿਸ਼ਟੀਕੋਣ ਅਤੇ ਸਮੂਹਿਕ ਜ਼ਿੰਮੇਵਾਰੀ ਜ਼ਰੂਰੀ ਹੈ। ਉਨ੍ਹਾਂ ਨੇ ਅਹੁਦੇਦਾਰਾਂ ਨੂੰ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਕਰਨ ਲਈ ਮਿਲਜੁਲ ਕੇ ਕੰਮ ਕਰਨ ਦੀ ਅਪੀਲ ਕੀਤੀ।

ਲਾਇਬੇਰੀਅਨ ਸਟੂਡੈਂਟਸ ਐਸੋਸੀਏਸ਼ਨ ਦਾ ਉਦਘਾਟਨ



ਗੰਨੇ ਵਿੱਚ ਦੇਰ ਨਾਲ ਅਤੇ ਵੱਧ ਯੂਰੀਆ ਪਾਉਣ ਤੋਂ ਗੁਰੇਜ਼ ਕਰਨ ਕਿਸਾਨ: ਗੰਨਾ ਕਮਿਸ਼ਨਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 8 ਸਤੰਬਰ (ਪੈ.ਗਾਮ-ਏ-ਜਗਤ)



ਡਾ. ਅਮਰੀਕ ਸਿੰਘ ਗੰਨਾ ਕਮਿਸ਼ਨਰ ਵੱਲੋਂ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਗੰਨੇ ਦੀ ਫ਼ਸਲ ਵਿੱਚ ਸਿਫ਼ਾਰਸ਼ ਕੀਤੇ ਸਮੇਂ ਤੋਂ ਬਾਅਦ ਅਤੇ ਲੋੜ ਤੋਂ ਵੱਧ ਯੂਰੀਆ ਪਾਉਣ ਤੋਂ ਗੁਰੇਜ਼ ਕਰਨ, ਕਿਉਂਕਿ ਇਸ ਨਾਲ ਫ਼ਸਲ ਦੇ ਝਾੜ ਅਤੇ ਖੰਡ ਦੀ ਰਿਕਵਰੀ ਨੂੰ ਨੁਕਸਾਨ ਪਹੁੰਚ ਸਕਦਾ ਹੈ।

ਉਨ੍ਹਾਂ ਨੇ ਦੱਸਿਆ ਕਿ ਕਈ ਕਿਸਾਨ ਝਾੜ ਵਧਾਉਣ ਦੇ ਮਕਸਦ ਨਾਲ ਅਗਸਤ ਤੋਂ ਬਾਅਦ ਵੀ ਗੰਨੇ ਦੀ ਫ਼ਸਲ ਵਿੱਚ ਯੂਰੀਆ ਪਾਉਂਦੇ ਹਨ, ਪਰ ਅਜਿਹਾ ਕਰਨਾ ਲਾਹੇਵੰਦ ਸਾਬਤ ਨਹੀਂ ਹੁੰਦਾ। ਉਨ੍ਹਾਂ ਸਪਸ਼ਟ ਕੀਤਾ ਕਿ ਗੰਨੇ ਦੇ ਵਧਣ ਸਮੇਂ ਨਵੇਂ ਪੱਤਿਆਂ ਅਤੇ ਨਵੇਂ ਹਿੱਸਿਆਂ ਨੂੰ ਲੋੜੀਂਦੀ ਖੁਰਾਕ ਪੌਦਾ ਆਪ ਪੁਰਾਣੇ ਪੱਤਿਆਂ ਅਤੇ ਪੱਕੇ ਹਿੱਸਿਆਂ ਤੋਂ ਪਹੁੰਚਾ ਦਿੰਦਾ ਹੈ, ਇਸ ਲਈ ਸਿਫ਼ਾਰਸ਼ ਕੀਤੇ ਸਮੇਂ ਤੋਂ ਬਾਅਦ ਵਾਧੂ ਯੂਰੀਆ ਪਾਉਣ ਦੀ ਕੋਈ ਜ਼ਰੂਰਤ ਨਹੀਂ ਹੁੰਦੀ।

ਉਨ੍ਹਾਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਦੇਰ ਨਾਲ ਵੱਧ ਯੂਰੀਆ ਪਾਉਣ ਨਾਲ ਗੰਨਾ ਤੇਜ਼ੀ ਨਾਲ ਵਧਦਾ ਹੈ ਅਤੇ ਇਸ ਦੇ ਅੰਦਰਲੇ ਹਿੱਸੇ ਨਰਮ ਤੇ ਪਾਣੀ ਵਾਲੇ ਹੋ ਜਾਂਦੇ ਹਨ। ਫ਼ਸਲ ਬਾਹਰੋਂ ਭਾਵੇਂ ਹਰੀ-ਭਰੀ ਦਿਖਾਈ ਦੇਵੇ, ਪਰ ਇਸ ਦਾ ਇਹ ਮਤਲਬ ਨਹੀਂ ਕਿ ਗੰਨੇ ਵਿੱਚ ਖੰਡ ਦੀ ਮਾਤਰਾ ਵੀ ਵਧ ਰਹੀ ਹੈ। ਉਨ੍ਹਾਂ ਦੱਸਿਆ ਕਿ ਵੱਧ ਯੂਰੀਆ ਪਾਉਣ ਨਾਲ,ਗੰਨੇ ਵਿੱਚ ਖੰਡ ਦੀ ਮਾਤਰਾ ਘਟ ਸਕਦੀ ਹੈ। ਖੰਡ ਮਿੱਲ ਵਿੱਚ ਖੰਡ ਦੀ ਰਿਕਵਰੀ ਘੱਟ ਹੋ ਸਕਦੀ ਹੈ। ਗੰਨਾ ਨਰਮ ਅਤੇ ਕਮਜ਼ੋਰ ਹੋ ਸਕਦਾ ਹੈ। ਕੀੜਿਆਂ ਦੇ ਹਮਲੇ ਦਾ ਖ਼ਤਰਾ ਵਧ ਸਕਦਾ ਹੈ। ਗੰਨੇ ਵਿੱਚ ਵੱਧ ਪਾਣੀ ਅਤੇ ਘੱਟ ਖੰਡ ਹੋਣ ਕਾਰਨ ਮਿੱਲ ਨੂੰ ਘੱਟ ਖੰਡ ਮਿਲ ਸਕਦੀ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਉਹ ਗੰਨਾ ਹਰਾ ਰੱਖਣ ਦੇ ਲਾਲਚ ਵਿੱਚ ਵਾਰ-ਵਾਰ ਯੂਰੀਆ ਨਾ ਪਾਉਣ, ਸਗੋਂ ਯੂਰੀਆ ਦੀ ਵਰਤੋਂ ਸਿਰਫ਼ ਸਿਫ਼ਾਰਸ਼ ਕੀਤੇ ਸਮੇਂ, ਮਾਤਰਾ ਅਤੇ ਢੰਗ ਅਨੁਸਾਰ ਹੀ ਕਰਨ। ਉਨ੍ਹਾਂ ਸਪਸ਼ਟ ਕੀਤਾ ਕਿ ਵੱਧ ਯੂਰੀਆ ਦਾ ਮਤਲਬ ਵੱਧ ਖੰਡ ਨਹੀਂ ਹੁੰਦਾ, ਸਗੋਂ ਦੇਰ ਨਾਲ ਪਾਈ ਗਈ ਵਾਧੂ ਯੂਰੀਆ ਗੰਨੇ ਨੂੰ ਨਰਮ ਕਰ ਕੇ ਖੰਡ ਦੀ ਰਿਕਵਰੀ ਘਟਾ ਸਕਦੀ ਹੈ। ਉਨ੍ਹਾਂ ਕਿਹਾ ਕਿ ਚੰਗੇ ਝਾੜ ਦੇ ਨਾਲ-ਨਾਲ ਵਧੀਆ ਖੰਡ ਰਿਕਵਰੀ ਹਾਸਲ ਕਰਨ ਲਈ ਕਿਸਾਨ ਬੇਲੋੜੀ ਅਤੇ ਦੇਰ ਨਾਲ ਯੂਰੀਆ ਪਾਉਣ ਤੋਂ ਬਚਣ।

ਪੀਜੀਆਈ ਰੇਡੀਓਲੋਜਿਸਟ ਨੂੰ ਰਾਸ਼ਟਰੀ ਭਾਸ਼ਣ ਨਾਲ ਸਨਮਾਨਿਤ ਕੀਤਾ ਗਿਆ

ਪੈ.ਗਾਮ-ਏ-ਜਗਤ/ਚੰਡੀਗੜ੍ਹ, 8 ਸਤੰਬਰ (ਪ੍ਰੋ. ਕੁਸ਼ਲਜੀਤ ਸਿੰਘ ਸੋਢੀ)



ਪੀਜੀਆਈਐਮਈਆਰ, ਚੰਡੀਗੜ੍ਹ ਦੇ ਰੇਡੀਓਡਾਇਗਨੋਸਿਸ ਵਿਭਾਗ ਦੇ ਪ੍ਰੋਫੈਸਰ, ਨੂੰ ਵੱਕਾਰੀ 4-6 ਸਤੰਬਰ, 2026 ਨੂੰ ਰਿਸ਼ੀਕੇਸ਼ ਵਿੱਚ ਆਯੋਜਿਤ ਸੋਸਾਇਟੀ ਫਾਰ ਐਮਰਜੈਂਸੀ ਰੇਡੀਓਲੋਜੀ ਦੇ 13ਵੇਂ ਸਾਲਾਨਾ ਸੰਮੇਲਨ ਵਿੱਚ ਸੋਸਾਇਟੀ ਆਫ ਐਮਰਜੈਂਸੀ ਰੇਡੀਓਲੋਜੀ ਭਾਸ਼ਣ 2026 ਨਾਲ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਨੇ 'ਪੀਡੀਆਟ੍ਰਿਕ ਛਾਤੀ ਦੀਆਂ ਐਮਰਜੈਂਸੀਆਂ: ਇਮੇਜਿੰਗ ਚੁਣੌਤੀਆਂ ਅਤੇ ਬਦਲਦੇ ਪੈਰਾਡਾਈਮਜ਼' ਵਿਸ਼ੇ 'ਤੇ ਭਾਸ਼ਣ ਦਿੱਤਾ, ਜਿਸ ਵਿੱਚ ਇਮੇਜਿੰਗ ਵਿੱਚ ਤਰੱਕੀ ਅਤੇ ਐਮਰਜੈਂਸੀ ਦੇਖਭਾਲ 'ਤੇ ਉਨ੍ਹਾਂ ਦੇ ਪ੍ਰਭਾਵ ਨੂੰ ਉਜਾਗਰ ਕੀਤਾ ਗਿਆ। ਇਹ ਸਨਮਾਨ ਪੀਡੀਆਟ੍ਰਿਕ ਰੇਡੀਓਲੋਜੀ ਅਤੇ ਐਮਰਜੈਂਸੀ ਇਮੇਜਿੰਗ ਵਿੱਚ ਉਨ੍ਹਾਂ ਦੇ ਵਿਲੱਖਣ ਯੋਗਦਾਨ ਨੂੰ ਮਾਨਤਾ ਦਿੰਦਾ ਹੈ।

ਖ਼ੂਨਦਾਨ ਕੈਂਪ ਵਿਚ 78 ਯੂਨਿਟ ਖ਼ੂਨ ਇਕੱਠਾ ਹੋਇਆ

ਪੈ.ਗਾਮ-ਏ-ਜਗਤ
ਅੰਬਾਲਾ, 8 ਸਤੰਬਰ (ਆਰ.ਸਿੰਘ)

ਅਮਰ ਸ਼ਹੀਦ ਲਾਲਾ ਜਗਤ ਨਰਾਇਣ ਦੀ 45ਵੀਂ ਬਰਸੀ ਮੌਕੇ ਅੰਬਾਲਾ ਛਾਉਣੀ ਦੇ ਜੀਐਮਐਨ ਕਾਲਜ ਵਿਖੇ ਪੰਜਾਬ ਕੇਸਰੀ ਗਰੁੱਪ

- **ਮੰਤਰੀ ਅਨਿਲ ਵਿਜ ਨੇ ਹਰੇਕ ਖ਼ੂਨਦਾਨੀ ਨੂੰ 11-11 ਸੌ ਰੁਪਏ ਦੇਣ ਦਾ ਕੀਤਾ ਐਲਾਨ**



ਵੱਲੋਂ ਖ਼ੂਨਦਾਨ ਕੈਂਪ ਲਾਇਆ ਗਿਆ ਜਿਸ ਵਿਚ ਸਿਵਲ ਹਸਪਤਾਲ ਅੰਬਾਲਾ ਕੈਂਟ ਦੇ ਬਲੱਡ ਬੈਂਕ ਦੀ ਟੀਮ ਨੇ ਡਾ ਜੁਗਿੰਦਰ ਸਿੰਘ ਦੀ ਅਗਵਾਈ ਵਿਚ 78 ਯੂਨਿਟ ਖ਼ੂਨ ਇਕੱਠਾ ਕੀਤਾ।

ਇਸ ਕੈਂਪ ਵਿਚ ਬਤੌਰ ਮੁੱਖ ਮਹਿਮਾਨ ਪਹੁੰਚੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਸਾਰੇ ਖ਼ੂਨਦਾਨੀਆਂ ਨੂੰ ਸਿਹਤਮੰਦ ਖ਼ੁਰਾਕ ਲਈ 1,100-1100 ਸੌ ਰੁਪਏ ਸਵੈ-ਇੱਛਿਤ ਫੰਡ ਵਿਚੋਂ ਦੇਣ ਦਾ ਐਲਾਨ ਕਰਦੇ ਹੋਏ ਕਿਹਾ, ÷ਖ਼ੂਨਦਾਨ ਸਭ ਤੋਂ ਵੱਡਾ ਦਾਨ ਹੈ ਅਤੇ ਕੋਈ ਵੀ ਇਸ ਦਾ ਮੁਕਾਬਲਾ ਨਹੀਂ ਕਰ ਸਕਦਾ÷। ਇਸ ਮੌਕੇ ਉਨ੍ਹਾਂ ਨੇ ਖ਼ੂਨਦਾਨੀਆਂ ਨੂੰ ਬੈਜ ਲਾ ਕੇ ਅਤੇ ਸਰਟੀਫਿਕੇਟ ਤੇ ਮੈਡਲ ਦੇ ਕੇ ਉਤਸ਼ਾਹਿਤ ਕੀਤਾ।

ਊਰਜਾ ਮੰਤਰੀ ਅਨਿਲ ਵਿਜ ਨੇ ਪੰਜਾਬ ਕੇਸਰੀ ਗਰੁੱਪ ਵੱਲੋਂ ਕਈ ਹੋਰ ਸੰਸਥਾਵਾਂ ਦੇ ਸਹਿਯੋਗ ਨਾਲ ਲਾਏ ਇਕ ਖ਼ੂਨਦਾਨ ਕੈਂਪ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਆਜ਼ਾਦੀ ਘੁਲਾਟੀਏ ਲਾਲਾ ਜਗਤ ਨਰਾਇਣ ਇੱਕ ਦ੍ਰਿੜ੍ਹ ਇਰਾਦੇ ਵਾਲੇ ਵਿਅਕਤੀ ਸਨ। ਉਨ੍ਹਾਂ ਨੇ ਆਜ਼ਾਦੀ ਸੰਗਰਾਮ ਵਿੱਚ ਹਿੱਸਾ ਲਿਆ, ਲਗਭਗ ਨੌਂ ਸਾਲ ਜੇਲ੍ਹ ਵਿੱਚ ਬਿਤਾਏ ਅਤੇ ਰਿਹਾਈ ਤੋਂ ਬਾਅਦ ਵਿਧਾਇਕ ਅਤੇ ਸੰਸਦ ਮੈਂਬਰ ਵਜੋਂ ਸੇਵਾ ਨਿਭਾਈ। ਉਨ੍ਹਾਂ ਨੇ ਦੁਨੀਆ ਦੀ ਸਚਾਈ ਨੂੰ ਜਨਤਾ ਸਾਹਮਣੇ ਲਿਆਉਣ ਲਈ ਪੰਜਾਬ ਕੇਸਰੀ ਗਰੁੱਪ ਦੀ ਸਥਾਪਨਾ ਕੀਤੀ। ਪੰਜਾਬ ਨੇ ਅੱਤਵਾਦ ਦਾ ਸਾਹਮਣਾ ਕੀਤਾ ਪਰ ਕੋਈ ਵੀ ਗੋਲੀ ਉਨ੍ਹਾਂ ਦੀ ਕਲਮ ਨੂੰ ਰੋਕ ਨਹੀਂ ਸਕੀ। ਉਨ੍ਹਾਂ ਨੇ ਸੱਚ ਲਿਖਿਆ ਅਤੇ ਲੋਕਾਂ ਤੱਕ ਪਹੁੰਚਾਉਣ ਲਈ ਕੰਮ ਕੀਤਾ। ਲਾਲਾ ਜਗਤ ਨਰਾਇਣ ਦੀ ਸ਼ਹਾਦਤ ਦੀ ਯਾਦ ਵਿੱਚ ਅੱਜ ਇੱਥੇ ਆਯੋਜਿਤ ਖ਼ੂਨਦਾਨ ਕੈਂਪ ਸ਼ਲਾਘਾਯੋਗ ਹੈ। ਅਨਿਲ ਵਿਜ ਨੇ ਕਿਹਾ ਕਿ ਵਿਗਿਆਨਕ ਖੇਤਰ ਵਿੱਚ ਮਹੱਤਵਪੂਰਨ ਤਰੱਕੀ ਹੋਈ ਹੈ। ਅੰਗ ਵੀ ਟਰਾਂਸਪਲਾਂਟ ਆਮ ਹੋ ਰਹੇ ਹਨ ਪਰ ਖ਼ੂਨ ਦਾ ਕੋਈ ਬਦਲ ਨਹੀਂ ਹੈ। ਖ਼ੂਨ ਦੀ ਸਪਲਾਈ ਸਿਰਫ ਮਨੁੱਖੀ ਸਰੀਰ ਰਾਹੀਂ ਸੰਭਵ ਹੈ ਅਤੇ ਖ਼ੂਨਦਾਨ ਜਾਨਾਂ ਬਚਾਉਂਦਾ ਹੈ। ਉਨ੍ਹਾਂ ਦੱਸਿਆ ਕਿ ਖ਼ੂਨ ਪ੍ਰਯੋਗਸ਼ਾਲਾ ਵਿੱਚ ਜਾਂਦਾ ਹੈ ਜਿੱਥੇ ਇੱਕ ਬੋਤਲ ਤਿੰਨ ਲੋਕਾਂ ਦੀ ਸੇਵਾ ਕਰਦੀ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ: ਰੋਹਿਤ ਦੱਤ, ਪ੍ਰਬੰਧਕ ਕਮੇਟੀ ਦੇ ਮੁਖੀ ਡਾ ਗੁਰਦੇਵ ਸਿੰਘ ਅਤੇ ਪੰਜਾਬ ਕੇਸਰੀ ਦੇ ਬਿਊਰੋ ਚੀਫ ਬਲਰਾਮ ਸੈਨੀ ਨੇ ਮੁੱਖ ਮਹਿਮਾਨ ਨੂੰ ਸ਼ਾਲ ਭੇਂਟ ਕਰਕੇ ਸਨਮਾਨਿਤ ਕੀਤਾ।

ਪੀਜੀਆਈਐਮਈਆਰ ਵਿਖੇ ਵਿਸ਼ਵ ਫਿਜ਼ੀਓਥੈਰੇਪੀ ਦਿਵਸ 2026 ਮਨਾਇਆ ਗਿਆ

ਚੰਡੀਗੜ੍ਹ, 8 ਸਤੰਬਰ (ਪੈ.ਗਾਮ-ਏ-ਜਗਤ)



ਫਿਜ਼ੀਕਲ ਐਂਡ ਰੀਹੈਬਲੀਟੇਸ਼ਨ ਮੈਡੀਸਨ ਵਿਭਾਗ, ਪੀਜੀਆਈਐਮਈਆਰ, ਚੰਡੀਗੜ੍ਹ ਨੇ ਪੀਜੀਆਈ ਫਿਜ਼ੀਓਥੈਰੇਪਿਸਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਵਿਸ਼ਵ ਫਿਜ਼ੀਓਥੈਰੇਪੀ ਦਿਵਸ 2026 ਨੂੰ ਮਨਾਉਣ ਲਈ ਅਕਾਦਮਿਕ ਅਤੇ ਪੇਸ਼ੇਵਰ ਗਤੀਵਿਧੀਆਂ ਦੀ ਇੱਕ ਲੜੀ ਦਾ ਆਯੋਜਨ ਕੀਤਾ। ਜਸ਼ਨਾਂ ਦਾ ਕੇਂਦਰੀ ਵਿਸ਼ਾ ਸੀ, "ਸਟ੍ਰੋਕ: ਬਚਾਅ ਤੋਂ ਰਿਕਵਰੀ ਤੱਕ - ਦੇਖਭਾਲ ਦੇ ਨਿਰੰਤਰਤਾ ਵਿੱਚ ਫਿਜ਼ੀਓਥੈਰੇਪੀ ਦੀ ਭੂਮਿਕਾ।

ਪ੍ਰੋਗਰਾਮ ਦੀ ਸ਼ੁਰੂਆਤ 4 ਅਤੇ 5 ਸਤੰਬਰ 2026 ਨੂੰ ਆਡੀਟੋਰੀਅਮ, ਐਡਵਾਂਸਡ ਆਈ ਸੈਂਟਰ, ਪੀਜੀਆਈਐਮਈਆਰ ਵਿਖੇ ਅਕਾਦਮਿਕ ਸੈਸ਼ਨਾਂ ਨਾਲ ਹੋਈ। ਪ੍ਰੋਗਰਾਮ ਦਾ ਉਦਘਾਟਨ ਪ੍ਰੋ. ਵਿਜੇ ਜੀ ਗੋਨੀ, ਮੁਖੀ, ਫਿਜ਼ੀਕਲ ਐਂਡ ਰੀਹੈਬਲੀਟੇਸ਼ਨ ਮੈਡੀਸਨ ਵਿਭਾਗ ਅਤੇ ਪ੍ਰੋ. ਧੀਰਜ ਖੁਰਾਨਾ ਦੁਆਰਾ ਕੀਤਾ ਗਿਆ। ਸੈਸ਼ਨਾਂ ਵਿੱਚ ਸਟ੍ਰੋਕ ਪ੍ਰਬੰਧਨ ਅਤੇ ਪੁਨਰਵਾਸ ਦੇ ਵੱਖ-ਵੱਖ ਪਹਿਲੂਆਂ ਨੂੰ ਕਵਰ ਕੀਤਾ ਗਿਆ ਅਤੇ ਇਹ ਮਾਹਿਰਾਂ ਦੁਆਰਾ ਕਰਵਾਏ ਗਏ, ਜਿਨ੍ਹਾਂ ਵਿੱਚ ***ਪ੍ਰੋ. ਧੀਰਜ ਖੁਰਾਨਾ, ਡਾ. ਸੁਸ਼ਾਂਤ ਸਾਹੂ, ਡਾ. ਰਘੂਨਾਥ ਸਾਹੂ (ਪੀਟੀ), ਡਾ. ਜਯਾ ਤਲਵਾਰ (ਪੀਟੀ), ਡਾ. ਭੂਸ਼ਨ ਚੰਦਰ ਪਾਲ (ਪੀਟੀ), ਡਾ. ਸ਼ਿਵਪ੍ਰਿਆ (ਪੀਟੀ), ਡਾ. ਨੀਤਿਕਾ ਕਟਿਆਰ (ਪੀਟੀ) ਅਤੇ ਡਾ. ਸਲਮਾਨ ਅਹਿਮਦ (ਪੀਟੀ) ਸ਼ਾਮਲ ਸਨ।

"ਸਿੱਖੋ ਲਾਗੂ ਕਰੋ ਸਸ਼ਕਤ ਬਣੋ ਥੀਮ ਨਾਲ ਇੱਕ ਹੈਂਡਸ-ਆਨ ਕਿਨੇਸਿਓਟੇਪਿੰਗ ਵਰਕਸ਼ਾਪ 6 ਸਤੰਬਰ ਨੂੰ ਡਾ. ਉਪੇਂਦਰ ਗੋਸਵਾਮੀ (ਪੀਟੀ), ਸੁਪਰਡੈਂਟ ਫਿਜ਼ੀਓਥੈਰੇਪਿਸਟ, ਪੀਜੀਆਈਐਮਈਆਰ, ਚੰਡੀਗੜ੍ਹ ਦੁਆਰਾ ਕਰਵਾਈ ਗਈ, ਜਿਸ ਨੇ ਭਾਗੀਦਾਰਾਂ ਨੂੰ ਵਿਹਾਰਕ ਸਿੱਖਣ ਦਾ ਮੌਕਾ ਪ੍ਰਦਾਨ ਕੀਤਾ।

ਜਸ਼ਨਾਂ ਦੀ ਸਮਾਪਤੀ 8 ਸਤੰਬਰ 2026, ਵਿਸ਼ਵ ਫਿਜ਼ੀਓਥੈਰੇਪੀ ਦਿਵਸ 'ਤੇ, ਇੱਕ ਅਕਾਦਮਿਕ ਇੰਟਰਐਕਸ਼ਨ ਸੈਸ਼ਨ ਨਾਲ ਹੋਈ ਜਿਸ ਵਿੱਚ ਵਿਦਿਆਰਥੀ ਕਵਿਜ਼ ਅਤੇ ਪੋਸਟਰ ਪੇਸ਼ਕਾਰੀਆਂ ਸ਼ਾਮਲ ਸਨ। ਇਨ੍ਹਾਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਪਣੇ ਗਿਆਨ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਦਿਲਚਸਪ ਪਲੇਟਫਾਰਮ ਪ੍ਰਦਾਨ ਕੀਤਾ ਅਤੇ ਵਿਦਿਆਰਥੀਆਂ ਅਤੇ ਫਿਜ਼ੀਓਥੈਰੇਪੀ ਪੇਸ਼ੇਵਰਾਂ ਵਿਚਕਾਰ ਅਕਾਦਮਿਕ ਗੱਲਬਾਤ ਨੂੰ ਉਤਸ਼ਾਹਿਤ ਕੀਤਾ। ਇਸ ਤੋਂ ਬਾਅਦ ਰਵਾਇਤੀ ਦੀਪ-ਜਗਾਉਣ ਦੀ ਰਸਮ ਹੋਈ, ਜੋ ਗਿਆਨ, ਸਿੱਖਣ ਅਤੇ ਸੇਵਾ ਦੀ ਭਾਵਨਾ ਦਾ ਪ੍ਰਤੀਕ ਹੈ। ਡਾ. ਪ੍ਰਦੀਪ ਸਰਕਾਰ, ਚੀਫ ਫਿਜ਼ੀਓਥੈਰੇਪਿਸਟ, ਪੀਜੀਆਈਐਮਈਆਰ*** ਨੇ ਇਕੱਠ ਨੂੰ ਸੰਬੋਧਨ ਕੀਤਾ ਅਤੇ ਵਿਸ਼ਵ ਫਿਜ਼ੀਓਥੈਰੇਪੀ ਦਿਵਸ ਦੀ ਮਹੱਤਤਾ ਅਤੇ ਮਰੀਜ਼ਾਂ ਦੀ ਦੇਖਭਾਲ, ਪੁਨਰਵਾਸ ਅਤੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਵਿੱਚ ਫਿਜ਼ੀਓਥੈਰੇਪਿਸਟਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ।

ਪ੍ਰੋਗਰਾਮ ਦਾ ਤਾਲਮੇਲ ਡਾ. ਅਭਿਜੀਤ ਪਾਲ (ਪੀਟੀ) ਅਤੇ ਡਾ. ਲੋਕੇਸ਼ ਭਾਰਦਵਾਜ (ਪੀਟੀ) ਦੁਆਰਾ ਕੀਤਾ ਗਿਆ, ਜਿਸ ਵਿੱਚ ਵਿਭਾਗ ਦੇ ਫੈਕਲਟੀ, ਫਿਜ਼ੀਓਥੈਰੇਪਿਸਟਾਂ ਅਤੇ ਵਿਦਿਆਰਥੀਆਂ ਦਾ ਸਮਰਥਨ ਅਤੇ ਭਾਗੀਦਾਰੀ ਰਹੀ। ਜਸ਼ਨਾਂ ਨੇ ਅਕਾਦਮਿਕ ਉੱਤਮਤਾ, ਪੇਸ਼ੇਵਰ ਵਿਕਾਸ ਅਤੇ ਮਰੀਜ਼-ਕੇਂਦ੍ਰਿਤ ਪੁਨਰਵਾਸ ਪ੍ਰਤੀ ਵਿਭਾਗ ਦੀ ਨਿਰੰਤਰ ਵਚਨਬੱਧਤਾ ਨੂੰ ਉਜਾਗਰ ਕੀਤਾ।

ਨਾਗਰ ਸਪੋਰਟਸ ਅਕੈਡਮੀ, ਰਤੀਆ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਜੂਨੀਅਰ ਐਥਲੈਟਿਕਸ ਮੁਕਾਬਲਾ ਜਿੱਤਿਆ

ਪੈਗਾਮ-ਏ-ਜਗਤ
ਰਤੀਆ/8 ਸਤੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)



ਨਾਗਰ ਸਪੋਰਟਸ ਅਕੈਡਮੀ, ਰਤੀਆ ਦੇ ਖਿਡਾਰੀਆਂ ਨੇ ਐਥਲੈਟਿਕਸ ਐਸੋਸੀਏਸ਼ਨ, ਫਤਿਹਾਬਾਦ ਦੁਆਰਾ ਆਯੋਜਿਤ ਜ਼ਿਲ੍ਹਾ ਪੱਧਰੀ ਜੂਨੀਅਰ ਐਥਲੈਟਿਕਸ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਵੱਖ-ਵੱਖ ਮੁਕਾਬਲਿਆਂ ਵਿੱਚ ਕਈ ਤਗਮੇ ਅਤੇ ਮੈਡਲ ਜਿੱਤੇ। ਇਸ ਪ੍ਰਾਪਤੀ ਨੇ ਅਕੈਡਮੀ, ਕੋਚਾਂ ਅਤੇ ਮਾਪਿਆਂ ਲਈ ਖੁਸ਼ੀ ਦੀ ਲਹਿਰ ਪੈਦਾ ਕੀਤੀ ਹੈ।

ਅੰਡਰ-20 ਵਾਕ ਦੌੜ ਮੁਕਾਬਲੇ ਵਿੱਚ ਤਮੰਨਾ ਨੇ ਦੂਜਾ ਅਤੇ ਸ਼ਿਵਾਨੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਭਾਰਤੀ ਚੌਹਾਨ ਨੇ ਅੰਡਰ-18 ਵਰਗ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਅਰਮਾਨ ਨੇ ਅੰਡਰ-18 ਲੜਕਿਆਂ ਦੇ ਵਰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-20 ਲੜਕਿਆਂ ਦੇ ਹੈਮਰ ਥ੍ਰੋ ਮੁਕਾਬਲੇ ਵਿੱਚ ਸਾਹਿਲ ਕੰਬੋਜ ਨੇ ਪਹਿਲਾ, ਸ਼ਗੁਨ ਨੇ ਦੂਜਾ ਅਤੇ ਵਿਸ਼ਾਲਦੀਪ ਨਾਗਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਭਾਰਤੀ ਚੌਹਾਨ ਨੇ ਕੁੜੀਆਂ ਦੇ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।

ਵਿਜੇ ਤੁਰਕੀਆ ਨੇ ਅੰਡਰ-18 ਲੜਕਿਆਂ ਦੇ ਡਿਸਕਸ ਥ੍ਰੋ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਭਾਰਤੀ ਚੌਹਾਨ ਨੇ ਕੁੜੀਆਂ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ। ਨੇਹਾ ਨੇ ਅੰਡਰ-16 ਸ਼ਾਟ ਪੁਟ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਰੁਪਿੰਦਰ ਕੌਰ ਨੇ ਅੰਡਰ-20 ਕੁੜੀਆਂ ਦੇ ਸ਼ਾਟ ਪੁੱਟ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।

ਅੰਡਰ-18 ਮੁੰਡਿਆਂ ਦੇ ਜੈਵਲਿਨ ਥ?ਰੋ ਵਿੱਚ, ਵਿਕਾਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਵਿਜੇ ਤੁਰਕੀਆ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਅਤੇ ਟੋਨੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸ਼ਿਵਾਨੀ ਨੇ ਕੁੜੀਆਂ ਦੇ ਜੈਵਲਿਨ ਥ?ਰੋ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।

ਅੰਡਰ-14 ਬੱਚਿਆਂ ਦੇ ਜੈਵਲਿਨ ਥ?ਰੋ ਵਿੱਚ, ਪੱਲਵੀ ਗਰੋਵਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਆਇਸ਼ਾ ਨੇ ਕੁੜੀਆਂ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਅਰਮਾਨ ਇੰਦੌਰ ਨੇ ਮੁੰਡਿਆਂ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਅਰਮਾਨ ਇੰਦੌਰ ਨੇ ਅੰਡਰ-14 ਟ੍ਰਾਈਥਲੋਨ ਬੀ ਗਰੁੱਪ ਵਿੱਚ ਵੀ ਦੂਜਾ ਸਥਾਨ ਪ੍ਰਾਪਤ ਕੀਤਾ।

ਇਸ ਮੁਕਾਬਲੇ ਨੂੰ ਪ੍ਰਧਾਨ ਵਿਨੋਦ ਕੱਕੜ, ਪ੍ਰਬੰਧਕੀ ਸਕੱਤਰ ਸਤਿਆਵਾਨ, ਸਕੱਤਰ ਬਲਵਾਨ ਪਾਰਤਾ, ਢਿੰਗਸਰਾ ਸਰਪੰਚ ਸਤਵੀਰ ਸਿੰਘ, ਵਿਕਰਮ ਫੌਜੀ ਢਿੰਗਸਰਾ, ਪਵਨ ਢਿੰਗਸਰਾ, ਸੰਦੀਪ ਜਾਂਗੜਾ, ਡੀਪੀ ਨਾਗਪੁਰ, ਸੁਭਾਸ਼ ਜੀ, ਡੀਪੀ ਲਕਸ਼ਮੀਕਾਂਤ, ਅਨਿਲ, ਵਿਕਾਸ ਢਾਕਾ, ਬਿੰਦਰ ਕੁੰਡੂ, ਸੰਦੀਪ ਕੁੰਡੂ, ਰਾਜਵੀਰ ਬੁੱਧ, ਸੰਜੀਵ, ਵਿਨੋਦ, ਮੁਕੇਸ਼ ਭਾਰਪੁਰ, ਅਤੇ ਖਾਨ ਸਾਬ ਭਾਰਪੁਰ, ਸਮੇਤ ਹੋਰ ਪਤਵੰਤਿਆਂ ਨੇ ਸਮਰਥਨ ਦਿੱਤਾ। ਨਾਗਰ ਸਪੋਰਟਸ ਅਕੈਡਮੀ ਰਤੀਆ ਦੇ ਕੋਚ ਰਘੁਵੀਰ ਨਾਗਰ ਅਤੇ ਕੋਚ ਸਪਨਾ ਰਾਣੀ ਨੇ ਖਿਡਾਰੀਆਂ ਨੂੰ ਮੁਕਾਬਲੇ ਲਈ ਤਿਆਰ ਕਰਨ ਵਿੱਚ ਮੁੱਖ ਭੂਮਿਕਾ ਨਿਭਾਈ। ਖਿਡਾਰੀਆਂ ਦੀ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਨਿਰੰਤਰ ਅਭਿਆਸ ਨਾਲ ਖਿਡਾਰੀ ਭਵਿੱਖ ਵਿੱਚ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾ ਸਕਦੇ ਹਨ। ਇਸ ਸ਼ਾਨਦਾਰ ਸਫਲਤਾ 'ਤੇ ਅਕੈਡਮੀ ਦੇ ਕੋਚਾਂ, ਮਾਪਿਆਂ ਅਤੇ ਖੇਡ ਪ੍ਰੇਮੀਆਂ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਨੂੰ ਸੀ.ਜੀ.ਸੀ. ਲਾਂਡਰਾਂ ਵਿਖੇ ਮੈਗਾ ਵੋਟਰ ਰਜਿਸਟਰੇਸ਼ਨ ਕੈਂਪ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 8 ਸਤੰਬਰ, (ਪੈ.ਗਾਮ-ਏ-ਜਗਤ)

- **ਮੁੱਖ ਚੋਣ ਅਧਿਕਾਰੀ ਪੰਜਾਬ ਅਨਿੰਦਿਤਾ ਮਿਤਰਾ ਕਰਨਗੇ ਕੈਂਪ ਦਾ ਉਦਘਾਟਨ**
- **1 ਅਕਤੂਬਰ 2026 ਨੂੰ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਨੌਜਵਾਨਾਂ ਦੀ ਰਜਿਸਟਰੇਸ਼ਨ 'ਤੇ ਵਿਸ਼ੇਸ਼ ਧਿਆਨ**

ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ ਆਈ ਆਰ)-2026 ਤਹਿਤ ਦਫ਼ਤਰ, ਮੁੱਖ ਚੋਣ ਅਫ਼ਸਰ, ਪੰਜਾਬ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਚੋਣ ਦਫ਼ਤਰ, ਐਸ.ਏ.ਐਸ. ਨਗਰ ਵੱਲੋਂ 9 ਸਤੰਬਰ, 2026 ਨੂੰ ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ਼, ਸੈਕਟਰ 112, ਲਾਂਡਰਾਂ-ਬਨੂੰੜ ਰੋਡ ਵਿਖੇ ਮੈਗਾ ਵੋਟਰ ਜਾਗਰੂਕਤਾ ਅਤੇ ਰਜਿਸਟਰੇਸ਼ਨ ਕੈਂਪ ਲਗਾਇਆ ਜਾਵੇਗਾ।


ਇਸ ਕੈਂਪ ਦਾ ਉਦਘਾਟਨ ਮੁੱਖ ਚੋਣ ਅਫ਼ਸਰ, ਪੰਜਾਬ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਵੱਲੋਂ ਸਵੇਰੇ 10:30 ਵਜੇ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਕੋਮਲ ਮਿੱਤਲ, ਨੇ ਉਕਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੈਗਾ ਮੁਹਿੰਮ ਦਾ ਮੁੱਖ ਉਦੇਸ਼ ਪਹਿਲੀ ਵਾਰ ਵੋਟਰ ਬਣਨ ਵਾਲੇ ਯੋਗ ਨੌਜਵਾਨਾਂ, ਖਾਸ ਕਰਕੇ 18 ਤੋਂ 19 ਸਾਲ ਦੀ ਉਮਰ ਵਰਗ ਦੇ ਉਨ੍ਹਾਂ ਨੌਜਵਾਨਾਂ, ਜੋ 1 ਅਕਤੂਬਰ, 2026 ਨੂੰ ਵੋਟਰ ਬਣਨ ਦੇ ਯੋਗ ਹੋ ਰਹੇ ਹਨ, ਦਾ ਵੱਧ ਤੋਂ ਵੱਧ ਨਾਮਾਂਕਣ ਯਕੀਨੀ ਬਣਾਉਣਾ ਹੈ। ਯੋਗ ਵਿਦਿਆਰਥੀਆਂ ਦੀ ਸਹੂਲਤ ਲਈ ਕੈਂਪ ਸਥਾਨ 'ਤੇ ਵਿਸ਼ੇਸ਼ ਰਜਿਸਟ੍ਰੇਸ਼ਨ ਕਾਊਂਟਰ ਸਥਾਪਿਤ ਕੀਤੇ ਜਾਣਗੇ, ਜਿੱਥੇ ਉਹ ਮੌਕੇ 'ਤੇ ਹੀ ਵੋਟਰ ਵਜੋਂ ਆਪਣਾ ਨਾਮ ਦਰਜ ਕਰਵਾ ਸਕਣਗੇ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਕਿਹਾ ਕਿ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਵੋਟ ਪਾਉਣਾ ਕੇਵਲ ਨਾਗਰਿਕ ਫਰਜ਼ ਹੀ ਨਹੀਂ, ਸਗੋਂ ਸੰਵਿਧਾਨ ਵੱਲੋਂ ਦਿੱਤਾ ਗਿਆ ਬੁਨਿਆਦੀ ਅਧਿਕਾਰ ਵੀ ਹੈ, ਜਿਸ ਰਾਹੀਂ ਨੌਜਵਾਨ ਦੇਸ਼ ਦੇ ਸ਼ਾਸਨ ਅਤੇ ਭਵਿੱਖ ਨੂੰ ਆਕਾਰ ਦੇਣ ਵਿੱਚ ਆਪਣੀ ਭੂਮਿਕਾ ਨਿਭਾਉਂਦੇ ਹਨ। ਵੋਟਰ ਨਾਮਾਂਕਣ ਦੇ ਨਾਲ-ਨਾਲ ਕੈਂਪ ਦੌਰਾਨ ਸਿਸਟਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸੀਪੇਸ਼ਨ (ਸਵੀਪ) ਤਹਿਤ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਵੀ ਕਰਵਾਈਆਂ ਜਾਣਗੀਆਂ। ਇਨ੍ਹਾਂ ਰਾਹੀਂ ਵਿਦਿਆਰਥੀਆਂ ਨੂੰ ਵੋਟ ਦੇ ਮਹੱਤਵ, ਜ਼ਿੰਮੇਵਾਰ ਨਾਗਰਿਕ ਭਾਗੀਦਾਰੀ ਅਤੇ ਚੋਣ ਪ੍ਰਕਿਰਿਆ ਸਬੰਧੀ ਜਾਗਰੂਕ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੂੰ ਆਧੁਨਿਕ ਡਿਜੀਟਲ ਵੋਟਰ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਅਤੇ ECINET ਐਪ ਨੂੰ ਡਾਊਨਲੋਡ ਕਰਨ ਅਤੇ ਇਸ ਰਾਹੀਂ ਉਪਲਬਧ ਵੋਟਰ ਸੇਵਾਵਾਂ ਦੀ ਵਰਤੋਂ ਕਰਨ ਸਬੰਧੀ ਵੀ ਮਾਰਗਦਰਸ਼ਨ ਦਿੱਤਾ ਜਾਵੇਗਾ। ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਯੋਗ ਨੌਜਵਾਨਾਂ, ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਬੰਧਕਾਂ ਨੂੰ ਇਸ ਮੈਗਾ ਕੈਂਪ ਵਿੱਚ ਉਤਸ਼ਾਹ ਨਾਲ ਭਾਗ ਲੈਣ ਦੀ ਅਪੀਲ ਕੀਤੀ ਹੈ। ਇਸ ਦੇ ਨਾਲ ਹੀ ਭਾਗੀਦਾਰਾਂ ਨੂੰ ਮੁੱਖ ਚੋਣ ਅਧਿਕਾਰੀ, ਪੰਜਾਬ ਦੇ ਅਧਿਕਾਰਤ ਸੋਸ਼ਲ ਮੀਡੀਆ ਪਲੇਟਫਾਰਮਾਂ ਨਾਲ ਜੁੜਨ ਅਤੇ ਲੋਕਤੰਤਰਿਕ ਭਾਗੀਦਾਰੀ ਦਾ ਸੰਦੇਸ਼ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਵੀ ਉਤਸ਼ਾਹਿਤ ਕੀਤਾ ਜਾਵੇਗਾ।

ਪਰਾਲੀ ਸਾੜਨ ਨੂੰ ਰੋਕਣ ਲਈ ਪਿੰਡ ਤੋਂ ਜ਼ਿਲ੍ਹਾ ਪੱਧਰ ਤੱਕ ਕਮੇਟੀਆਂ ਬਣਾਈਆਂ ਗਈਆਂ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

- **ਨਿਗਰਾਨੀ ਕਰਨ ਲਈ 'ਪਰਾਲੀ ਸੁਰੱਖਿਆ ਬਲ'; ਉਲੰਘਣਾ ਕਰਨ ਵਾਲਿਆਂ 'ਤੇ ਨਜ਼ਰ ਰੱਖਣ ਲਈ ਵਿਸ਼ੇਸ਼ ਦੇਰ ਸ਼ਾਮ ਗਸ਼ਤ**



ਜ਼ਿਲ੍ਹਾ ਪ੍ਰਸ਼ਾਸਨ ਨੇ ਸਾਉਣੀ 2026 ਦੇ ਸੀਜ਼ਨ ਦੌਰਾਨ ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਅਤੇ ਵਾਤਾਵਰਣ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਵਿਆਪਕ ਨਿਗਰਾਨੀ ਅਤੇ ਰੋਕਥਾਮ ਪ੍ਰਣਾਲੀ ਲਾਗੂ ਕੀਤੀ ਹੈ। ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਨੇ ਪਿੰਡ ਤੋਂ ਜ਼ਿਲ੍ਹਾ ਪੱਧਰ ਤੱਕ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਹੈ ਅਤੇ ਅਧਿਕਾਰੀਆਂ ਨੂੰ ਨਿਯਮਤ ਤੌਰ 'ਤੇ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਦੀ ਨਿਗਰਾਨੀ ਕਰਨ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਵਿਰੁੱਧ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਨਾ ਸਿਰਫ਼ ਹਵਾ ਪ੍ਰਦੂਸ਼ਣ ਵਧਦਾ ਹੈ ਬਲਕਿ ਮਿੱਟੀ ਦੀ ਉਪਜਾਊ ਸ਼ਕਤੀ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਪ੍ਰਸ਼ਾਸਨ ਦਾ ਉਦੇਸ਼ ਸਿਰਫ਼ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਕਰਨਾ ਨਹੀਂ ਹੈ, ਸਗੋਂ ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਫਸਲਾਂ ਦੀ ਰਹਿੰਦ-ਖੂੰਹਦ ਦੇ ਵਿਗਿਆਨਕ ਅਤੇ ਸਹੀ ਪ੍ਰਬੰਧਨ ਨੂੰ ਉਤਸ਼ਾਹਿਤ ਕਰਨਾ ਵੀ ਹੈ।

'ਪਰਾਲੀ ਸੁਰੱਖਿਆ ਬਲ' ਨਿਗਰਾਨੀ ਕਰੇਗਾ

ਪਰਾਲੀ ਸਾੜਨ ਤੋਂ ਰੋਕਣ ਲਈ ਗਠਿਤ 'ਪਰਾਲੀ ਸੁਰੱਖਿਆ ਬਲ' ਜ਼ਿਲ੍ਹਾ, ਸਬ-ਡਵੀਜ਼ਨ, ਬਲਾਕ ਅਤੇ ਪਿੰਡ ਪੱਧਰ 'ਤੇ ਨਿਗਰਾਨੀ ਕਰੇਗਾ। ਇਸ ਵਿੱਚ ਪ੍ਰਦੂਸ਼ਣ ਕੰਟਰੋਲ ਬੋਰਡ, ਮਾਲੀਆ, ਖੇਤੀਬਾੜੀ, ਪੰਚਾਇਤ ਅਤੇ ਪੁਲਿਸ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਸ਼ਾਮਲ ਹਨ। ਪ੍ਰਸ਼ਾਸਨ ਖਾਸ ਤੌਰ 'ਤੇ ਦੇਰ ਸ਼ਾਮ ਦੇ ਸਮੇਂ ਗਸ਼ਤ ਵਧਾਏਗਾ, ਜਦੋਂ ਕਿ ਪੇਂਡੂ ਖੇਤਰਾਂ ਵਿੱਚ ਬਣਾਈਆਂ ਗਈਆਂ ਟੀਮਾਂ ਨਿਯਮਤ ਨਿਗਰਾਨੀ ਕਰਨਗੀਆਂ। ਸੈਟੇਲਾਈਟ ਤੋਂ ਪ੍ਰਾਪਤ ਜਾਣਕਾਰੀ ਅਤੇ ਜ਼ਮੀਨੀ ਪੱਧਰ 'ਤੇ ਨਿਗਰਾਨੀ ਦੇ ਆਧਾਰ 'ਤੇ ਜ਼ਰੂਰੀ ਕਾਰਵਾਈ ਵੀ ਕੀਤੀ ਜਾਵੇਗੀ।

ਜ਼ਿਲ੍ਹਾ ਪੱਧਰੀ ਕਮੇਟੀ ਵਿੱਚ ਜ਼ਿਲ੍ਹਾ ਮਾਲ ਅਧਿਕਾਰੀ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਧਿਕਾਰੀ, ਖੇਤੀਬਾੜੀ ਵਿਭਾਗ ਦੇ ਡਿਪਟੀ ਡਾਇਰੈਕਟਰ, ਸਹਾਇਕ ਖੇਤੀਬਾੜੀ ਇੰਜੀਨੀਅਰ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਖੇਤਰੀ ਅਧਿਕਾਰੀ ਸ਼ਾਮਲ ਹਨ। ਸਬ-ਡਵੀਜ਼ਨ ਪੱਧਰ 'ਤੇ, ਸਬੰਧਤ ਐਸਡੀਐਮ, ਡੀਐਸਪੀ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਜ਼ਿੰਮੇਵਾਰੀਆਂ ਸੰਭਾਲਣਗੇ। ਬਲਾਕ ਪੱਧਰ 'ਤੇ, ਨਾਇਬ ਤਹਿਸੀਲਦਾਰ ਅਤੇ ਬੀਡੀਪੀਓ ਨੂੰ ਨਿਗਰਾਨੀ ਦੇ ਫਰਜ਼ ਸੌਂਪੇ ਗਏ ਹਨ।

ਪਿੰਡ ਪੱਧਰ 'ਤੇ, ਖੇਤੀਬਾੜੀ ਵਿਕਾਸ ਅਧਿਕਾਰੀ, ਮਾਲੀਆ ਪਟਵਾਰੀ, ਪੰਚਾਇਤ ਸਕੱਤਰ, ਸਰਪੰਚ ਅਤੇ ਲੰਬੜਦਾਰ ਆਪਣੇ-ਆਪਣੇ ਪਿੰਡਾਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਨਜ਼ਰ ਰੱਖਣਗੇ ਅਤੇ ਅਜਿਹੀ ਕਿਸੇ ਵੀ ਘਟਨਾ ਦੀ ਤੁਰੰਤ ਸਬੰਧਤ ਅਧਿਕਾਰੀਆਂ ਨੂੰ ਰਿਪੋਰਟ ਕਰਨਗੇ। ਵਿਸ਼ੇਸ਼ ਗਸ਼ਤ ਟੀਮਾਂ ਵਿੱਚ ਸਬੰਧਤ ਤਹਿਸੀਲਦਾਰ, ਸਟੇਸ਼ਨ ਹਾਊਸ ਅਫਸਰ (ਐਸ.ਐਚ.ਓ.), ਅਤੇ ਫਾਇਰ ਸਟੇਸ਼ਨ ਇੰਚਾਰਜ ਵੀ ਸ਼ਾਮਲ ਹਨ ਤਾਂ ਜੋ ਲੋੜ ਪੈਣ 'ਤੇ ਤੁਰੰਤ ਮੌਕੇ 'ਤੇ ਕਾਰਵਾਈ ਨੂੰ ਯਕੀਨੀ ਬਣਾਇਆ ਜਾ ਸਕੇ।

ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ

ਡਿਪਟੀ ਕਮਿਸ਼ਨਰ ਰਾਹੁਲ ਨਰਵਾਲ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨਾ ਸਾੜਨ ਅਤੇ ਫਸਲਾਂ ਦੀ ਰਹਿੰਦ-ਖੂੰਹਦ ਦਾ ਸਹੀ ਢੰਗ ਨਾਲ ਪ੍ਰਬੰਧਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਦੀਆਂ ਉਪਲਬਧ ਤਕਨੀਕਾਂ ਅਤੇ ਉਨ੍ਹਾਂ ਦੇ ਲਾਭਾਂ ਬਾਰੇ ਕਿਸਾਨਾਂ ਵਿੱਚ ਲਗਾਤਾਰ ਜਾਗਰੂਕਤਾ ਪੈਦਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਸਾਉਣੀ ਦੇ ਸੀਜ਼ਨ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਨੇੜਿਓਂ ਨਜ਼ਰ ਰੱਖੇਗਾ, ਅਤੇ ਕਿਸੇ ਵੀ ਉਲੰਘਣਾ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਸੀਨੀਅਰ ਪੱਤਰਕਾਰ ਫੋਰਮ 13 ਸਤੰਬਰ ਨੂੰ ਪਹਿਲੀ ਵਰ੍ਹੇਗੰਢ ਮਨਾਏਗਾ

ਚੰਡੀਗੜ੍ਹ, (ਪੈ.ਗਾਮ-ਏ-ਜਗਤ)


ਸੀਨੀਅਰ ਪੱਤਰਕਾਰ ਫੋਰਮ, ਚੰਡੀਗੜ੍ਹ, ਐਤਵਾਰ, 13 ਸਤੰਬਰ, 2026 ਨੂੰ ਸੈਕਟਰ 37 ਦੇ ਲਾਅ ਆਡੀਟੋਰੀਅਮ ਵਿਖੇ ਆਪਣੀ ਪਹਿਲੀ ਵਰ੍ਹੇਗੰਢ ਮਨਾਏਗਾ। ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਹੋਣਗੇ ਅਤੇ ਰਸਮੀ ਉਦਘਾਟਨ ਕਰਨਗੇ। ਪ੍ਰੋਗਰਾਮ ਸਵੇਰੇ 10:00 ਵਜੇ ਰਜਿਸਟ੍ਰੇਸ਼ਨ ਅਤੇ ਸਵਾਗਤ ਸੈਸ਼ਨ ਨਾਲ ਸ਼ੁਰੂ ਹੋਵੇਗਾ, ਜਿਸ ਤੋਂ ਬਾਅਦ ਸਵੇਰੇ 10:30 ਵਜੇ ਉਦਘਾਟਨ ਹੋਵੇਗਾ।

ਦੂਜੇ ਸੈਸ਼ਨ ਲਈ ਦੁਪਹਿਰ 12:30 ਵਜੇ, ਰਾਜ ਸਭਾ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ, ਸ. ਸਤਨਾਮ ਸਿੰਘ ਸੰਧੂ ਮੁੱਖ ਮਹਿਮਾਨ ਹੋਣਗੇ। ਇਹ ਸੈਸ਼ਨ ਲੋਕਤੰਤਰ ਅਤੇ ਜ਼ਿੰਮੇਵਾਰ ਪੱਤਰਕਾਰੀ ਵਿੱਚ ਸੀਨੀਅਰ ਪੱਤਰਕਾਰਾਂ ਦੀ ਭੂਮਿਕਾ ਵਿਸ਼ੇ 'ਤੇ ਕੇਂਦਰਿਤ ਹੋਵੇਗਾ ਅਤੇ ਇਸ ਦੀ ਪ੍ਰਧਾਨਗੀ *ਹਿੰਦੁਸਤਾਨ ਟਾਈਮਜ਼*, ਚੰਡੀਗੜ੍ਹ ਦੇ ਕਾਰਜਕਾਰੀ ਸੰਪਾਦਕ ਰਮੇਸ਼ ਵਿਨਾਇਕ ਕਰਨਗੇ। ਦੁਪਹਿਰ 1:30 ਵਜੇ, ਇਸ ਸਮਾਗਮ ਵਿੱਚ ਮਾਲਵਾ ਆਰਟ ਐਂਡ ਕਲਚਰ ਸੋਸਾਇਟੀ, ਮੋਹਾਲੀ ਦੁਆਰਾ ਇੱਕ ਸੱਭਿਆਚਾਰਕ ਪੇਸ਼ਕਾਰੀ-ਮਲਵਈ ਗਿੱਧਾ-ਪੇਸ਼ ਕੀਤੀ ਜਾਵੇਗੀ। ਇਸ ਤੋਂ ਬਾਅਦ ਕੇਕ ਕੱਟਣ ਦੀ ਰਸਮ ਹੋਵੇਗੀ ਅਤੇ 2:00 ਵਜੇ ਮੈਂਬਰਾਂ ਦੇ ਜਨਮਦਿਨ ਦਾ ਜਸ਼ਨ ਮਨਾਇਆ ਜਾਵੇਗਾ। ਇਹ ਸਮਾਗਮ 2:15 ਵਜੇ ਦੁਪਹਿਰ ਦੇ ਖਾਣੇ ਨਾਲ ਸਮਾਪਤ ਹੋਵੇਗਾ। ਇਹ ਜਾਣਕਾਰੀ ਫੋਰਮ ਦੇ ਪ੍ਰਧਾਨ ਜਗਤਾਰ ਸਿੰਘ ਸਿੱਧੂ, ਚੇਅਰਮੈਨ ਏ.ਐਸ. ਪਰਾਸ਼ਰ ਅਤੇ ਜਨਰਲ ਸਕੱਤਰ ਕੇਵਲ ਭਾਰਤੀ ਨੇ ਸਾਂਝੀ ਕੀਤੀ। ਇਹ ਸਮਾਗਮ ਸੀਨੀਅਰ ਪੱਤਰਕਾਰਾਂ ਨੂੰ ਲੋਕਤੰਤਰ ਵਿੱਚ ਮੀਡੀਆ ਦੀ ਭੂਮਿਕਾ 'ਤੇ ਵਿਚਾਰ ਕਰਨ ਅਤੇ ਫੋਰਮ ਦੇ ਪਹਿਲੇ ਸਾਲ ਦਾ ਜਸ਼ਨ ਮਨਾਉਣ ਦਾ ਮੌਕਾ ਪ੍ਰਦਾਨ ਕਰੇਗਾ।

ਮੌੜ ਵਿਖੇ ਮਹਿਲਾਵਾਂ ਲਈ ਲਗਾਈ ਗਈ ਵਿਸ਼ੇਸ਼ ਲੋਕ ਅਦਾਲਤ ਨੂੰ ਮਿਲਿਆ ਭਰਵਾਂ ਹੁੰਗਾਰਾ : ਰਾਜ ਲਾਲੀ ਗਿੱਲ

125 ਕੇਸ ਹੋਏ ਪ੍ਰਾਪਤ, 60 ਫੀਸਦੀ ਦਾ ਨਿਬੇੜਾ ਮੌਕੇ 'ਤੇ ਕੀਤਾ ਗਿਆ

ਪੈਗਾਮ-ਏ-ਜਗਤ, 8 ਸਤੰਬਰ
ਮੌੜ ਮੰਡੀ(ਚਮਕੌਰ ਸਿੰਘ ਕੈਰਵੇ)



ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਮੈਡਮ ਰਾਜ ਲਾਲੀ ਗਿੱਲ ਵੱਲੋਂ ਮਹਿਲਾਵਾਂ ਨਾਲ ਸਬੰਧਤ ਮਸਲਿਆਂ ਅਤੇ ਝਗੜਿਆਂ ਦੇ ਤੁਰੰਤ ਹੱਲ ਲਈ ਲਗਾਈ ਗਈ ਲੋਕ ਅਦਾਲਤ ਨੂੰ ਭਰਵਾਂ ਹੁੰਗਾਰਾ ਮਿਲਿਆ। ਉੱਪ ਮੰਡਲ ਮੈਜਿਸਟ੍ਰੇਟ ਦਫਤਰ ਮੌੜ ਵਿਖੇ ਲਗਾਈ ਗਈ ਇਸ ਵਿਸ਼ੇਸ਼ ਲੋਕ ਅਦਾਲਤ ਵਿਚ ਮਹਿਲਾਵਾਂ ਨਾਲ ਸਬੰਧਿਤ ਵਿਆਹ/ ਸ਼ਾਦੀਆਂ ਦੇ ਕੇਸਾਂ ਤੋਂ ਇਲਾਵਾ ਹੋਰਨਾਂ ਝਗੜਿਆਂ ਨਾਲ ਸਬੰਧਤ 125 ਕੇਸ ਪ੍ਰਾਪਤ ਹੋਏ ਜਿਨ੍ਹਾਂ ਵਿੱਚੋਂ 60 ਫੀਸਦੀ ਦਾ ਨਿਪਟਾਰਾ ਮੌਕੇ 'ਤੇ ਹੀ ਕਰ ਦਿੱਤਾ ਗਿਆ। ਇਸ ਮੌਕੇ ਚੇਅਰਪਰਸਨ ਮੈਡਮ ਗਿੱਲ ਨੇ ਦੱਸਿਆ ਕਿ ਇਹ ਵਿਸ਼ੇਸ਼ ਲੋਕ ਅਦਾਲਤ ਦਾ ਮੁੱਖ ਮਕਸਦ ਮਹਿਲਾਵਾਂ ਨਾਲ ਸਬੰਧਤ ਝਗੜਿਆਂ ਅਤੇ ਵੱਖ-ਵੱਖ ਮਾਮਲਿਆਂ ਦਾ ਤੁਰੰਤ ਅਤੇ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਔਰਤਾਂ ਆਪਣੀਆਂ ਸਮੱਸਿਆਵਾਂ ਅਤੇ ਉਨ੍ਹਾਂ ਨਾਲ ਹੁੰਦੇ ਸ਼ੋਸ਼ਣ ਸਬੰਧੀ ਜਾਣਕਾਰੀ ਦੇਣ 'ਚ ਆਪਣੇ ਆਪ ਨੂੰ ਅਸਮਰਥ ਮਹਿਸੂਸ ਕਰਦੀਆਂ ਹਨ। ਇਸ ਕਰਕੇ ਕਮਿਸ਼ਨ ਆਪ ਖੁਦ ਚੱਲ ਕੇ ਉਨ੍ਹਾਂ ਤੱਕ ਪਹੁੰਚਿਆ ਹੈ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਕੇ ਉਸਦਾ ਹੱਲ ਕੱਢਿਆ ਜਾਵੇ । ਇਸ ਉਪਰਾਲੇ ਰਾਹੀਂ ਮਹਿਲਾਵਾਂ ਨੂੰ ਆਪਣੇ ਮਸਲੇ ਸਬੰਧਤ ਅਧਿਕਾਰੀਆਂ ਦੇ ਸਾਹਮਣੇ ਰੱਖਣ ਅਤੇ ਉਨ੍ਹਾਂ ਦੇ ਹੱਲ ਲਈ ਉਚਿਤ ਸਹਾਇਤਾ ਪ੍ਰਾਪਤ ਕਰਨ ਦਾ ਮੌਕਾ ਮਿਲਿਆ।

ਮੈਡਮ ਗਿੱਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦਾ ਕੋਈ ਮਹਿਲਾ-ਸਬੰਧੀ ਮਸਲਾ ਜਾਂ ਵਿਵਾਦ ਹੈ, ਤਾਂ ਉਹ ਕਮਿਸ਼ਨ ਤੱਕ ਆਪਣੀ ਪਹੁੰਚ ਜ਼ਰੂਰ ਕਰਨ। ਇਸ ਮੌਕੇ ਕਮਿਸ਼ਨ ਵੱਲੋਂ ਮਹਿਲਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਮਸਲਿਆਂ ਦੇ ਹੱਲ ਲਈ ਲੋੜੀਂਦੀ ਜਾਣਕਾਰੀ ਅਤੇ ਮਾਰਗਦਰਸ਼ਨ ਵੀ ਪ੍ਰਦਾਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ 0172-2226501 'ਤੇ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਵੈੱਬਸਾਈਟ www.pswc.punjab.gov.in 'ਤੇ ਵਿਜ਼ਿਟ ਕੀਤਾ ਜਾ ਸਕਦਾ ਹੈ।

ਸੀਐਮ ਨਾਇਬ ਸੈਣੀ ਪੰਜਾਬ ਵਿੱਚੋਂ ਗਲੀ-ਸੜੀ ਸਰਕਾਰ ਨੂੰ ਉਖਾੜ ਕੇ ਕਮਲ ਦੇ ਫੁੱਲ ਨਾਲ ਭਾਜਪਾ ਸਰਕਾਰ ਸਥਾਪਤ ਕਰਨ ਜਾ ਰਹੇ ਹਨ : ਅਨਿਲ ਵਿਜ

ਪੈ.ਗਾਮ-ਏ-ਜਗਤ
ਅੰਬਾਲਾ, 8 ਸਤੰਬਰ (ਆਰ.ਸਿੰਘ)

ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਕਾਂਗਰਸ ਸੰਸਦ ਮੈਂਬਰ ਦੀਪੇਂਦਰ ਹੁੱਡਾ ਦੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਦੇ ਪੰਜਾਬ ਦੌਰੇ ਬਾਰੇ ਦਿੱਤੇ ਬਿਆਨ 'ਤੇ ਸਖ਼ਤ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ, ਮੁੱਖ ਮੰਤਰੀ ਨਾਇਬ ਸੈਣੀ ਪੰਜਾਬ ਅਤੇ ਹਰਿਆਣਾ ਦੋਵਾਂ ਵਿੱਚ ਹਨ ਅਤੇ ਉਹ ਦੋਵਾਂ ਥਾਵਾਂ 'ਤੇ ਢੁਕਵੇਂ ਪ੍ਰਬੰਧ ਕਰ ਰਹੇ ਹਨ। ਉਹ ਹਰਿਆਣਾ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੇ ਹਨ ਅਤੇ ਪੰਜਾਬ ਵਿੱਚੋਂ ਗਲੀ- ਸੜੀ ਸਰਕਾਰ ਨੂੰ ਉਖਾੜ ਸੁੱਟਣ ਅਤੇ ਕਮਲ ਦੇ ਫੁੱਲ ਨਾਲ ਭਾਜਪਾ ਸਰਕਾਰ ਸਥਾਪਤ ਕਰਨ ਜਾ ਰਹੇ ਹਨ। ਵਿਜ



ਅੱਜ ਅੰਬਾਲਾ ਕੈਂਟ ਵਿਚ ਮੀਡੀਆ ਦੇ ਸਵਾਲਾਂ ਦੇ ਜਵਾਬ ਦੇ ਰਹੇ ਸਨ। ਇਸ ਦੌਰਾਨ ਸੰਸਦ ਮੈਂਬਰ ਦੀਪੇਂਦਰ ਹੁੱਡਾ ਦੇ ਹਰਿਆਣਾ ਵਿੱਚ ਖੇਡਾਂ ਨੂੰ ਉਤਸ਼ਾਹਿਤ ਨਾ ਕਰਨ ਦੇ ਦੋਸ਼ਾਂ ਦਾ ਜਵਾਬ ਦਿੰਦੇ ਹੋਏ ਊਰਜਾ ਮੰਤਰੀ ਅਨਿਲ ਵਿਜ ਨੇ ਕਿਹਾ, ÷ਦੋਸ਼ ਲਾਉਣ ਵਾਲੇ ਲੋਕ ਦੋਸ਼ ਲਾਉਂਦੇ ਰਹਿੰਦੇ ਹਨ, ਪਰ ਸਚਾਈ ਖ਼ੁਦ ਉਨ੍ਹਾਂ ਦਾ ਜਵਾਬ ਦਿੰਦੀ ਹੈ।÷ ਮੰਤਰੀ ਅਨਿਲ ਵਿਜ ਨੇ ਸਵਾਲ ਕੀਤਾ ਕਿ ਕਾਂਗਰਸ ਨੇ ਆਪਣੇ ਸ਼ਾਸਨ ਦੌਰਾਨ ਕੀ ਕੀਤਾ ਜਦੋਂ ਕਿ ਭਾਜਪਾ ਸਰਕਾਰ ਦੌਰਾਨ ਉਨ੍ਹਾਂ ਨੇ ਅੰਬਾਲਾ ਵਿੱਚ ਇੱਕ ਫੀਫਾ-ਪ੍ਰਵਾਨਿਤ ਫੁੱਟਬਾਲ ਸਟੇਡੀਅਮ ਬਣਾਇਆ, ਇੱਕ ਅੰਤਰਰਾਸ਼ਟਰੀ ਪੱਧਰ ਦਾ ਹਰ ਮੌਸਮ ਵਿੱਚ ਚੱਲਣ ਵਾਲਾ ਸਵਿਮਿੰਗ ਪੂਲ ਬਣਾਇਆ ਅਤੇ ਇੱਕ ਜਿਮਨਾਸਟਿਕ ਹਾਲ ਤੇ ਇੱਕ ਬੈਡਮਿੰਟਨ ਹਾਲ ਬਣਾਇਆ। ਮੰਤਰੀ ਵਿਜ ਨੇ ਮਜ਼ਾਕ ਉਡਾਇਆ ਕਿ ਦੀਪੇਂਦਰ ਹੁੱਡਾ ਨੂੰ ਇੱਕ ਚੰਗੇ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ ਅਤੇ ਆਪਣੀਆਂ ਐਨਕਾਂ ਬਦਲਵਾਉਣੀਆਂ ਚਾਹੀਦੀਆਂ ਹਨ।

ਸ.ਫਾਈ ਕਰਮਚਾਰੀਆਂ ਪ੍ਰਤੀ ਸ.ਖਤੀ ਨਹੀਂ ਉਨ੍ਹਾਂ ਦੀ ਸੁਣਵਾਈ ਕਰੇ ਸਰਕਾਰ-ਚਿਤਰਾ ਸਰਵਾਰਾ

ਪੈ.ਗਾਮ-ਏ-ਜਗਤ
ਅੰਬਾਲਾ, 8 ਸਤੰਬਰ (ਆਰ.ਸਿੰਘ)

ਹਰਿਆਣਾ ਵਿੱਚ ਸਫ਼ਾਈ ਕਰਮਚਾਰੀਆਂ ਦੀ 33 ਦਿਨਾਂ ਦੀ ਹੜਤਾਲ ਅਤੇ ਸਰਕਾਰ ਦੀਆਂ ਕਾਰਵਾਈਆਂ ਦੇ ਵਿਚਕਾਰ ਸਫ਼ਾਈ, ਸੀਵਰੇਜ ਅਤੇ ਫਾਇਰ ਵਿਭਾਗ ਦੇ ਕਰਮਚਾਰੀਆਂ ਦੇ ਇੱਕ ਵਫ਼ਦ ਨੇ ਅੱਜ ਚਿਤਰਾ ਸਰਵਾਰਾ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ 10 ਸਤੰਬਰ ਨੂੰ ਇੱਕ ਵਿਸ਼ਾਲ ਵਿਰੋਧ ਪ੍ਰਦਰਸ਼ਨ ਲਈ ਸੱਦਾ ਦਿੱਤਾ। ਕਰਮਚਾਰੀਆਂ ਨੇ ਚਿਤਰਾ ਨੂੰ ਆਪਣੀਆਂ ਮੰਗਾਂ ਤੋਂ ਜਾਣੂ ਕਰਵਾਇਆ ਜਿਨ੍ਹਾਂ ਵਿੱਚ ਰੈਗੂਲਰਾਈਜ਼ੇਸ਼ਨ, ਹਰਿਆਣਾ ਹੁਨਰ ਰੁਜ਼ਗਾਰ ਨਿਗਮ ਨਾਲ ਸਬੰਧਿਤ ਸਮੱਸਿਆਵਾਂ ਦਾ ਹੱਲ ਅਤੇ ਪਿਛਲੇ ਸਮਝੌਤਿਆਂ ਨੂੰ ਲਾਗੂ ਕਰਨਾ ਸ਼ਾਮਲ ਹੈ। ਕਰਮਚਾਰੀਆਂ ਨੂੰ ਗੰਭੀਰਤਾ ਨਾਲ ਸੁਣਨ ਤੋਂ ਬਾਅਦ ਚਿਤਰਾ ਸਰਵਾਰਾ ਨੇ ਕਿਹਾ ਕਿ ਸਰਕਾਰ ਨੂੰ ਸੁਣਵਾਈ ਵਾਲਾ ਤਰੀਕਾ ਅਪਣਾਉਣਾ ਚਾਹੀਦਾ ਹੈ, ਕਠੋਰ ਪਹੁੰਚ ਨਹੀਂ ਅਪਣਾਉਣੀ ਚਾਹੀਦੀ। ਜੇ ਸਰਕਾਰ ਦੀਆਂ ਕਾਰਵਾਈਆਂ ਜਿਵੇਂ ਕਿ 36 ਅਸਥਾਈ ਕਰਮਚਾਰੀਆਂ ਦੀ ਬਰਖ਼ਾਸਤਗੀ, 6 ਨਿਯਮਤ ਕਰਮਚਾਰੀਆਂ ਦੀ ਮੁਅੱਤਲੀ, 19 ਕਰਮਚਾਰੀਆਂ ਦੀ ਗ੍ਰਿਫ਼ਤਾਰੀ ਅਤੇ 455 ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨਾ, 33 ਦਿਨਾਂ ਤੋਂ ਵਿਰੋਧ ਕਰ ਰਹੇ ਕਰਮਚਾਰੀਆਂ ਵਿੱਚ ਟਕਰਾਅ ਦੀ ਸਥਿਤੀ ਪੈਦਾ ਕਰ ਰਹੀਆਂ ਹਨ ਤਾਂ ਇਹ ਸਮੱਸਿਆ ਦਾ ਹੱਲ ਨਹੀਂ ਹੈ ਸਗੋਂ ਇੱਕ ਅਜਿਹਾ ਕਦਮ ਹੈ ਜੋ



ਟਕਰਾਅ ਨੂੰ ਵਧਾਉਂਦਾ ਹੈ। ਚਿਤਰਾ ਸਰਵਾਰਾ ਨੇ ਕਿਹਾ ਕਿ ਸਫ਼ਾਈ ਕਰਮਚਾਰੀ ਸ਼ਹਿਰੀ ਸਫ਼ਾਈ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਦੀ ਮਿਹਨਤ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਨੂੰ ਸਾਫ਼ ਰੱਖਦੀ ਹੈ ਅਤੇ ਜਨਤਕ ਸਿਹਤ ਨੂੰ ਮਜ਼ਬੂਤ ਬਣਾਉਂਦੀ ਹੈ। ਕਿਸੇ ਵੀ ਸੰਵੇਦਨਸ਼ੀਲ ਸਰਕਾਰ ਲਈ ਇਹ ਉਚਿੱਤ ਨਹੀਂ ਹੈ ਕਿ ਉਹ ਅਜਿਹੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਇੰਨੇ ਲੰਬੇ ਸਮੇਂ ਤੱਕ ਲਟਕਾਈ ਰੱਖੇ ਅਤੇ ਫਿਰ ਵਿਰੋਧ ਦੀ ਸਥਿਤੀ ਪੈਦਾ ਹੋਣ 'ਤੇ ਸਜ਼ਾ ਦੇਣ ਵਾਲੀ ਕਾਰਵਾਈ ਕਰੇ। ਸਰਕਾਰ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਪਰਿਵਾਰਾਂ ਦਾ ਭਵਿੱਖ ਵੀ ਦਾਅ 'ਤੇ ਹੈ।

ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੂੰ ਇਹ ਵੀ ਜਾਂਚ ਕਰਨੀ ਚਾਹੀਦੀ ਹੈ ਕਿ ਵਿਰੋਧ ਪ੍ਰਦਰਸ਼ਨਾਂ ਦੌਰਾਨ ਹਿਸਾਰ, ਕਲਾਇਤ ਅਤੇ ਡੱਬਵਾਲੀ ਵਰਗੇ ਸ਼ਹਿਰਾਂ ਵਿੱਚ ਸਫ਼ਾਈ ਕਾਰਜਾਂ ਨੂੰ ਪੁਲੀਸ ਸੁਰੱਖਿਆ ਹੇਠ ਕਰਨ ਲਈ ਕਿਉਂ ਮਜਬੂਰ ਕੀਤਾ ਗਿਆ ਅਤੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਕਰਮਚਾਰੀਆਂ ਨੂੰ ਹਿਰਾਸਤ ਵਿੱਚ ਕਿਉਂ ਲਿਆ ਗਿਆ। ਚਿਤਰਾ ਸਰਵਾਰਾ ਨੇ ਕਿਹਾ ਕਿ ਭਾਵੇਂ ਇਹ ਫਰੀਦਾਬਾਦ ਵਿੱਚ ਵਿਰੋਧ ਪ੍ਰਦਰਸ਼ਨ ਦੇ ਸੰਬੰਧ ਵਿੱਚ ਸਫ਼ਾਈ ਕਰਮਚਾਰੀ ਯੂਨੀਅਨ ਦੇ ਨੇਤਾ ਅਨਿਲ ਕੁਮਾਰ ਦੀ ਗ੍ਰਿਫ਼ਤਾਰੀ ਹੋਵੇ, ਹਾਂਸੀ ਵਿੱਚ 18 ਮਜ਼ਦੂਰਾਂ ਦੀ ਕੰਮ ਵਿੱਚ ਰੁਕਾਵਟ ਪਾਉਣ ਲਈ ਗ੍ਰਿਫ਼ਤਾਰੀ ਹੋਵੇ ਜਾਂ ਕੈਥਲ ਵਿੱਚ ਮਜ਼ਦੂਰਾਂ ਅਤੇ ਪ੍ਰਸ਼ਾਸਨ ਵਿਚਕਾਰ ਝੜਪ ਦੇ ਸੰਬੰਧ ਵਿੱਚ ਦਰਜ ਐਫਆਈਆਰ ਹੋਵੇ, ਇਨ੍ਹਾਂ ਸਾਰੀਆਂ ਘਟਨਾਵਾਂ ਨੂੰ ਸਿਰਫ਼ ਕਾਨੂੰਨ ਅਤੇ ਵਿਵਸਥਾ ਦੇ ਸ਼ੀਸ਼ੇ ਰਾਹੀਂ ਹੀ ਨਹੀਂ ਦੇਖਿਆ ਜਾਣਾ ਚਾਹੀਦਾ ਹੈ ਸਗੋਂ ਮੂਲ ਕਾਰਨਾਂ ਨੂੰ ਵੀ ਜਾਣਨਾ ਚਾਹੀਦਾ ਹੈ। ਮਜ਼ਦੂਰਾਂ ਦੀਆਂ ਮੰਗਾਂ ਨੂੰ ਸੁਣੇ ਬਿਨਾਂ ਕਾਰਵਾਈ ਕਰਨ ਨਾਲ ਸਮੱਸਿਆ ਦਾ ਹੱਲ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅੰਦੋਲਨਕਾਰੀ ਮਜ਼ਦੂਰਾਂ ਅਤੇ ਉਨ੍ਹਾਂ ਦੇ ਯੂਨੀਅਨ ਪ੍ਰਤੀਨਿਧੀਆਂ ਨਾਲ ਤੁਰੰਤ ਗੱਲਬਾਤ ਕਰਨੀ ਚਾਹੀਦੀ ਹੈ ਅਤੇ ਮੰਗਾਂ ਦੇ ਸਪੱਸ਼ਟ, ਲਿਖਤੀ ਤੇ ਭਰੋਸੇਯੋਗ ਹੱਲ ਮੁਹੱਈਆ ਕਰਵਾਉਣੇ ਚਾਹੀਦੇ ਹਨ।

ਚਿਤਰਾ ਨੇ ਕਿਹਾ ਕਿ ਜੇ ਸਰਕਾਰ 13 ਮੰਗਾਂ ਵਿੱਚੋਂ 12 ਨੂੰ ਪੂਰਾ ਕਰਨ ਦਾ ਦਾਅਵਾ ਕਰਦੀ ਹੈ ਤਾਂ ਉਸ ਨੂੰ ਕਰਮਚਾਰੀਆਂ ਨਾਲ ਆਪਣੀ ਸਥਿਤੀ ਵੀ ਸਪੱਸ਼ਟ ਕਰਨੀ ਚਾਹੀਦੀ ਹੈ ਕਿ ਰੈਗੂਲਰਾਈਜ਼ੇਸ਼ਨ ਦੇ ਬੁਨਿਆਦੀ ਮੁੱਦੇ 'ਤੇ ਇੰਨੀ ਲੰਬੀ ਰੁਕਾਵਟ ਕਿਉਂ ਬਣੀ ਹੋਈ ਹੈ।

ਚਿਤਰਾ ਸਰਵਾਰਾ ਨੇ ਕਿਹਾ ਕਿ ਰਾਜ ਸਰਕਾਰ ਨੂੰ ਅੰਦੋਲਨਕਾਰੀ ਕਰਮਚਾਰੀਆਂ ਦੀਆਂ ਅਸਲ ਸਮੱਸਿਆਵਾਂ ਨੂੰ ਹੱਲ ਕਰਨ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ ਨਾ ਕਿ ਉਨ੍ਹਾਂ ਦੇ ਰਾਜਨੀਤਿਕ ਸਬੰਧਾਂ ਦੀ ਜਾਂਚ ਕਰਨ ਜਾਂ ਉਨ੍ਹਾਂ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਕੀਤੀ ਜਾਵੇ। ਸਰਕਾਰ ਨੂੰ ਦੰਡਕਾਰੀ ਪਹੁੰਚ ਦੀ ਬਜਾਏ ਸੰਵੇਦਨਸ਼ੀਲਤਾ ਅਤੇ ਗੱਲਬਾਤ ਦਾ ਰਸਤਾ ਅਪਣਾਉਣਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ 10 ਸਤੰਬਰ ਨੂੰ ਹੋਣ ਵਾਲਾ ਵਿਸ਼ਾਲ ਪ੍ਰਦਰਸ਼ਨ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰੇਗਾ ਅਤੇ ਉਹ ਲੋਕਤੰਤਰੀ ਸੰਘਰਸ਼ ਦਾ ਪੂਰਾ ਸਮਰਥਨ ਕਰੇਗੀ। ਉਹ ਕਰਮਚਾਰੀਆਂ ਦੀ ਆਵਾਜ਼ ਨੂੰ ਜ਼ੋਰਦਾਰ ਢੰਗ ਨਾਲ ਉਠਾਏਗੀ ਅਤੇ ਉਨ੍ਹਾਂ ਦੇ ਹੱਕਾਂ ਅਤੇ ਸਨਮਾਨ ਲਈ ਉਨ੍ਹਾਂ ਦੀ ਲੜਾਈ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੋਵੇਗੀ।

ਇਸ ਮੌਕੇ 'ਤੇ ਸੈਨੀਟੇਸ਼ਨ ਵਰਕਰਜ਼ ਯੂਨੀਅਨ ਦੇ ਪ੍ਰਧਾਨ ਸੇਵਾ ਰਾਮ, ਪ੍ਰਧਾਨ ਵੀਰਪਾਲ ਕਾਂਗੜਾ, ਖ਼ਜ਼ਾਨਚੀ ਰਾਜਿੰਦਰ ਕੁਮਾਰ, ਸੁਨੀਲ ਕੁਮਾਰ, ਫਾਇਰ ਬ੍ਰਿਗੇਡ ਆਗੂ ਭੁਪਿੰਦਰ ਕੁਮਾਰ, ਉਪਿੰਦਰ ਕੁਮਾਰ, ਰਮੇਸ਼, ਰਿੰਕੂ ਪ੍ਰਧਾਨ, ਦੀਪਕ ਸਮੇਤ ਹੋਰ ਕਰਮਚਾਰੀ ਅਤੇ ਯੂਨੀਅਨ ਦੇ ਪ੍ਰਤੀਨਿਧੀ ਮੌਜੂਦ ਸਨ।

12 ਸਤੰਬਰ ਨੂੰ ਡਿਪਟੀ ਸਪੀਕਰ ਦੇ ਘਿਰਾਓ ਵਿਚ ਫੈਡਰੇਸ਼ਨ ਤੇ ਪੈਨਸ਼ਨਰ ਐਸੋਸੀਏਸ਼ਨ ਕਰੇਗੀ ਵੱਡੀ ਸ਼ਮੂਲੀਅਤ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
(ਹਰੀ ਕ੍ਰਿਸ਼ਨ ਗੰਗੜ)

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਅਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਇਕਾਈ ਬਲਾਕ ਗੜ੍ਹਸ਼ੰਕਰ ਦੀ ਅਹਿਮ ਮੀਟਿੰਗ ਸ਼ਾਮ ਸੁੰਦਰ ਕਪੂਰ ਦੀ ਪ੍ਰਧਾਨਗੀ ਹੇਠ ਲਾਇਬ੍ਰੇਰੀ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਹੋਈ।ਮੀਟਿੰਗ ਵਿੱਚ ਫੈਡਰੇਸ਼ਨ ਦੇ ਸੂਬਾਈ ਆਗੂ ਅਤੇ ਜੰਗਲਾਤ ਵਰਕਰ ਯੂਨੀਅਨ ਦੇ ਸੂਬਾ ਪ੍ਰਧਾਨ ਸਾਥੀ ਅਮਰੀਕ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

ਮੀਟਿੰਗ ਦੇ ਫੈਸਲਿਆਂ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਫੈਡਰੇਸ਼ਨ ਤੇ ਪੈਨਸ਼ਨਰ ਆਗੂਆਂ ਜੀਤ ਸਿੰਘ ਬਗਵਾਈ, ਵਿਨੋਦ ਕੁਮਾਰ,ਪਵਨ ਗੋਇਲ, ਵਿਕਰਮਜੀਤ ਸਿੰਘ, ਬਲਵੰਤ ਰਾਮ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਜਥੇਬੰਦੀਆਂ ਦੇ ਸੰਘਰਸ਼ ਅਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਆਏ ਹਾਈ ਕੋਰਟ ਦੇ ਫੈਸਲੇ ਦੇ ਬਾਵਜੂਦ ਵੀ ਨਾ ਤਾਂ ਮੁਲਾਜ਼ਮਾਂ ਨੂੰ ਬਣਦਾ

ਦਾਣਾ ਮੰਡੀ ਤੋਂ ਸ਼ੁਰੂ ਹੋਵੇਗਾ ਰੋਸ ਮਾਰਚ



ਡੀ.ਏ ਦਿੱਤਾ ਜਾ ਰਿਹਾ ਤੇ ਨਾ ਹੀ ਬਾਕੀ ਜਾਇਜ਼ ਮੰਗਾਂ ਨੂੰ ਲਾਗੂ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਵਲੋਂ 27 ਜੁਲਾਈ ਦੀ ਮੀਟਿੰਗ ਤੋਂ ਭਗੌੜਾ ਹੋਣ ਉਪਰੰਤ ਆਪਣੇ ਮੰਤਰੀਆਂ ਤੇ ਵਿਕਾਊ ਮੀਡੀਆ ਰਾਹੀਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਤਨਖਾਹਾਂ ਸਬੰਧੀ ਕੂੜ ਪਰਚਾਰ ਕਰਨਾ ਸ਼ੁਰੂ ਕਰ ਦਿੱਤਾ ਅਤੇ ਬਦਲਾ ਲਊ ਭਾਵਨਾ ਅਧੀਨ ਮੁਲਾਜ਼ਮ ਆਗੂਆਂ ਦੇ ਤਬਾਦਲੇ ਕਰਨੇ ਸ਼ੁਰੂ ਕਰ ਦਿੱਤੇ। ਪੰਜਾਬ ਸਰਕਾਰ ਦੇ ਇਸ ਹੰਕਾਰੀ ਤੇ ਅੜੀਅਲ ਵਤੀਰੇ ਵਿਰੁੱਧ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਤੇ ਅਧਾਰਿਤ ਤਾਲ ਮੇਲ ਕਮੇਟੀ ਵਲੋਂ ਸਮੁੱਚੇ ਪੰਜਾਬ ਵਿੱਚ ਮੰਤਰੀਆਂ ਦੀਆਂ ਰਿਹਾਇਸ਼ਾਂ ਦੇ ਘਿਰਾਓ ਦਾ ਪ੍ਰੋਗਰਾਮ ਉਲੀਕਿਆ ਹੈ। ਇਸ ਕੜੀ ਤਹਿਤ 12 ਸਤੰਬਰ ਨੂੰ ਡਿਪਟੀ ਸਪੀਕਰ ਸ਼੍ਰੀ ਜੈ ਕ੍ਰਿਸ਼ਨ ਰੋੜੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ ਜਿਸ ਵਿਚ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਨਵਾਂ ਸ਼ਹਿਰ ਦੇ ਹਜ਼ਾਰਾਂ ਮੁਲਾਜ਼ਮ ਤੇ ਪੈਨਸ਼ਨਰ ਸ਼ਾਮਿਲ ਹੋਣਗੇ। ਦੋਵੇਂ ਜ਼ਿਲ੍ਹਿਆ ਦੇ ਸਾਥੀ 10 ਸਵੇਰੇ ਦਾਣਾ ਮੰਡੀ ਗੜ੍ਹਸ਼ੰਕਰ ਵਿਖੇ ਇਕੱਠੇ ਹੋਣਗੇ ਅਤੇ ਇਥੋਂ ਹੀ ਡਿਪਟੀ ਸਪੀਕਰ ਦੀ ਰਿਹਾਇਸ਼ ਵੱਲ ਰੋਸ ਮਾਰਚ ਸ਼ੁਰੂ ਹੋਵੇਗਾ। ਬਲਾਕ ਗੜ੍ਹਸ਼ੰਕਰ ਤੋਂ ਵੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਅਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਸੈਂਕੜੇ ਸਾਥੀ ਇਸ ਐਕਸ਼ਨ ਵਿਚ ਸ਼ਮੂਲੀਅਤ ਕਰਨਗੇ। ਆਗੂਆਂ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਹੰਕਾਰੀ ਤੇ ਅੜੀਅਲ ਵਤੀਰਾ ਜ਼ਾਰੀ ਰੱਖਿਆ ਤਾਂ ਸਰਕਾਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਜ਼ਬਰਦਸਤ ਰੋਸ ਦਾ ਸਾਹਮਣਾ ਕਰਨਾ ਪਵੇਗਾ। ਆਗੂਆਂ ਨੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਨਾਲ? ਇਨਸਾਫ਼ ਪਸੰਦ ਸ਼ਹਿਰੀਆਂ ਨੂੰ ਵੀ ਇਸ ਮਾਰਚ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਤਾਂ ਕਿ ਹੰਕਾਰੀ ਸਰਕਾਰ ਨੂੰ ਆਪਣੀ ਤਾਕਤ ਦਾ ਅਹਿਸਾਸ ਕਰਾਇਆ ਜਾ ਸਕੇ। ਇਸ ਮੌਕੇ ਗੁਰਨਾਮ ਸਿੰਘ ਹਾਜੀਪੁਰ, ਪਵਨ ਕੁਮਾਰ ਗੜ੍ਹੀ, ਜਗਦੀਸ਼ ਪੱਖੋਵਾਲ,ਰਮਨ ਕੁਮਾਰ, ਸਤੀਸ਼ ਕੁਮਾਰ,ਸ਼ਿੰਗਾਰਾ ਰਾਮ ਭੱਜਲ ਅਤੇ ਮਹਿੰਦਰ ਸਿੱਧੂ ਨੇ ਵੀ ਆਪਣੇ ਵਿਚਾਰ ਰੱਖੇ।

ਯੂਨੀਵਰਸਲ ਪੀਸ ਫੈਡਰੇਸ਼ਨ ਵੱਲੋਂ ਡਾ. ਐੱਸ. ਪੀ. ਸਿੰਘ ਓਬਰਾਏ "ਅੰਬੈਸਡਰ ਫਾਰ ਪੀਸ"ਐਵਾਰਡ ਨਾਲ ਸਨਮਾਨਿਤ

ਪੈ.ਗਾਮ-ਏ-ਜਗਤ
ਮੈਰੀਲੈਂਡ, (ਬਲਵਿੰਦਰ ਬਾਲਮ)

ਉੱਘੇ ਸਮਾਜਸੇਵੀ ਅਤੇ ਮਨੁੱਖਤਾ ਦੇ ਮਸੀਹਾ ਵਜੋਂ ਜਾਣੇ ਜਾਂਦੇ ਡਾ. ਐੱਸ. ਪੀ. ਸਿੰਘ ਓਬਰਾਏ ਨੂੰ ਯੂਨੀਵਰਸਲ ਪੀਸ ਫੈਡਰੇਸ਼ਨ (ਯੂਪੀਐੱਫ) ਵੱਲੋਂ ਵੱਕਾਰੀ "ਅੰਬੈਸਡਰ ਫਾਰ ਪੀਸ"ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਮੈਰੀਲੈਂਡ ਅਤੇ ਵਾਸ਼ਿੰਗਟਨ ਡੀ.ਸੀ. ਖੇਤਰ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

ਇਹ ਐਵਾਰਡ ਯੂਨੀਵਰਸਲ ਪੀਸ ਫੈਡਰੇਸ਼ਨ ਯੂਐੱਸਏ ਦੀ ਵਾਈਸ ਪ੍ਰੈਜ਼ੀਡੈਂਟ ਟੋਮੀਕੋ ਦੁਗਾਨ ਵੱਲੋਂ ਡਾ. ਓਬਰਾਏ ਨੂੰ ਸਿੱਖਿਆ, ਸਿਹਤ ਸੇਵਾਵਾਂ, ਕੁਦਰਤੀ ਆਫ਼ਤਾਂ ਦੌਰਾਨ ਰਾਹਤ ਕਾਰਜਾਂ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਪਾਏ ਬੇਮਿਸਾਲ ਯੋਗਦਾਨ ਲਈ ਭੇਟ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਟੋਮੀਕੋ ਦੁਗਾਨ ਨੇ ਡਾ. ਓਬਰਾਏ ਨੂੰ "ਭਾਈਚਾਰੇ ਦਾ ਅਨਮੋਲ ਹੀਰਾ"ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਡਾ. ਓਬਰਾਏ ਦੀਆਂ



ਨਿਰਸਵਾਰਥ ਸੇਵਾਵਾਂ ਨੇ ਅਣਗਿਣਤ ਲੋਕਾਂ ਦੀ ਜ਼ਿੰਦਗੀ ਵਿੱਚ ਆਸ ਦੀ ਕਿਰਨ ਜਗਾਈ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਯੂਨੀਵਰਸਲ ਪੀਸ ਫੈਡਰੇਸ਼ਨ ਨਾਲ ਉਨ੍ਹਾਂ ਦੀ ਸਾਂਝ ਸ਼ਾਂਤੀ, ਏਕਤਾ, ਆਪਸੀ ਸਤਿਕਾਰ ਅਤੇ ਮਨੁੱਖੀ ਭਲਾਈ ਦੇ ਵਿਸ਼ਵਵਿਆਪੀ ਮਿਸ਼ਨ ਨੂੰ ਹੋਰ ਮਜ਼ਬੂਤ ਕਰੇਗੀ।

ਡਾ. ਓਬਰਾਏ ਲੋੜਵੰਦ ਵਿਦਿਆਰਥੀਆਂ ਦੀ ਪੜ੍ਹਾਈ, ਗਰੀਬ ਪਰਿਵਾਰਾਂ ਲਈ ਸਿਹਤ ਸਹੂਲਤਾਂ, ਮੁਸੀਬਤ ਵਿੱਚ ਫਸੇ ਲੋਕਾਂ ਦੀ ਸਹਾਇਤਾ ਅਤੇ ਕੁਦਰਤੀ ਆਫ਼ਤਾਂ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਕਾਰਜਾਂ ਲਈ ਦੁਨੀਆ ਭਰ ਵਿੱਚ ਸਤਿਕਾਰੇ ਜਾਂਦੇ ਹਨ। ਉਨ੍ਹਾਂ ਦੀਆਂ ਮਾਨਵਤਾਵਾਦੀ ਸੇਵਾਵਾਂ ਨੇ ਉਨ੍ਹਾਂ ਨੂੰ ਉਮੀਦ, ਹਮਦਰਦੀ ਅਤੇ ਨਿਰਸਵਾਰਥ ਸੇਵਾ ਦਾ ਪ੍ਰਤੀਕ ਬਣਾਇਆ ਹੈ।

ਸਮਾਗਮ ਦੌਰਾਨ ਡਾ. ਓਬਰਾਏ ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਨਿੱਘਾ ਸਵਾਗਤ ਕਰੀਨਾ ਹੂ, ਟੋਮੀਕੋ ਦੁਗਾਨ, ਰਣਜੀਤ ਚਹਿਲ ਤੇ ਕੇ ਕੇ ਸਿੱਧੂ ਨੇ ਕੀਤਾ ਗਿਆ। ਇਸ ਮੌਕੇ ਡਾ. ਸੁਰਿੰਦਰ ਸਿੰਘ ਗਿੱਲ, ਚੇਅਰਮੈਨ ਇੰਟਰਨੈਸ਼ਨਲ ਫੋਰਮ ਯੂਐੱਸਏ; ਦਵਿੰਦਰ ਸਿੰਘ ਗਿੱਲ, ਡਾਇਰੈਕਟਰ ਸਿੱਖਸ ਆਫ਼ ਯੂਐੱਸਏ; ਕੇ. ਕੇ. ਸਿੱਧੂ, ਸੰਸਥਾਪਕ ਪੰਜਾਬੀ ਕਲੱਬ ਮੈਰੀਲੈਂਡ; ਰਣਜੀਤ ਚਾਹਲ, ਸਕੱਤਰ ਪੰਜਾਬੀ ਕਲੱਬ ਮੈਰੀਲੈਂਡ; ਗੁਰਚਰਨ ਸਿੰਘ ਗੁਰੂ, ਪ੍ਰਧਾਨ ਵਰਲਡ ਯੂਨਾਈਟਿਡ ਗੁਰੂ ਨਾਨਕ ਫਾਊਂਡੇਸ਼ਨ; ਕਰੀਨਾ ਹੂ, ਪੈਟਰਨ-ਇਨ-ਚੀਫ਼ ਇੰਟਰਨੈਸ਼ਨਲ ਫੋਰਮ ਯੂਐੱਸਏ; ਟੋਮੀਕੋ ਡੱਗਨ, ਵਾਈਸ ਪ੍ਰੈਜ਼ੀਡੈਂਟ ਯੂਪੀਐੱਫ ਯੂਐੱਸਏ; ਨੌਨਿਹਾਲ ਸਿੰਘ, ਨਿਰਪਜੀਤ ਸਿੰਘ, ਰਣਜੀਤ ਰਾਣਾ, ਰਾਇਲ ਤਾਜ ਦੇ ਮਾਲਕ ਜਸਵਿੰਦਰ ਸਿੰਘ ਅਤੇ ਵਾਸ਼ਿੰਗਟਨ ਡੀ.ਸੀ. ਦੀ ਉੱਘੀ ਮੀਡੀਆ ਸ਼ਖ਼ਸੀਅਤ ਲਲਿਤ ਝਾਅ ਸਮੇਤ ਕਈ ਪਤਵੰਤੇ ਹਾਜ਼ਰ ਸਨ। ਐਵਾਰਡ ਸਮਾਗਮ ਤੋਂ ਬਾਅਦ ਡਾ. ਸੁਰਿੰਦਰ ਸਿੰਘ ਗਿੱਲ ਵੱਲੋਂ ਡਾ. ਐੱਸ. ਪੀ. ਸਿੰਘ ਓਬਰਾਏ ਦੇ ਸਨਮਾਨ ਵਿੱਚ ਰਾਇਲ ਤਾਜ ਰੈਸਟੋਰੈਂਟ, ਮੈਰੀਲੈਂਡ ਵਿਖੇ ਸ਼ਾਨਦਾਰ ਰਾਤਰੀ ਭੋਜ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਭਾਈਚਾਰੇ ਦੇ ਆਗੂਆਂ ਨੂੰ ਡਾ. ਓਬਰਾਏ ਨਾਲ ਵਿਚਾਰ-ਵਟਾਂਦਰਾ ਕਰਨ ਅਤੇ ਉਨ੍ਹਾਂ ਦੇ ਮਹਾਨ ਮਾਨਵਤਾਵਾਦੀ ਮਿਸ਼ਨ ਦੀ ਸ਼ਲਾਘਾ ਕਰਨ ਦਾ ਮੌਕਾ ਮਿਲਿਆ।

ਹਾਜ਼ਰ ਸ਼ਖ਼ਸੀਅਤਾਂ ਨੇ ਡਾ. ਓਬਰਾਏ ਨੂੰ ਵਧਾਈ ਦਿੰਦਿਆਂ ਕਿਹਾ ਕਿ "ਅੰਬੈਸਡਰ ਫਾਰ ਪੀਸ"ਦਾ ਸਨਮਾਨ ਉਨ੍ਹਾਂ ਦੀਆਂ ਮਨੁੱਖਤਾ, ਵਿਸ਼ਵ ਸ਼ਾਂਤੀ, ਸਦਭਾਵਨਾ ਅਤੇ ਸਮਾਜ ਭਲਾਈ ਨੂੰ ਸਮਰਪਿਤ ਸੇਵਾਵਾਂ ਦੀ ਯੋਗ ਪਛਾਣ ਹੈ।

ਰੌਣਕਾਂ ਭਰਪੂਰ ਰਿਹਾ ਐਡਮਿੰਟਨ ਦਾ ਮੇਲਾ ਪੰਜਾਬਣਾਂ ਦਾ

ਪੈ.ਗਾਮ-ਏ-ਜਗਤ
ਐਡਮਿੰਟਨ (ਕਨੇਡਾ),
(ਬਲਵਿੰਦਰ ਬਾਲਮ ਗੁਰਦਾਸਪੁਰ)

ਐਡਮਿੰਟਨ ਸ਼ਹਿਰ ਚ ਬੀਤੇ ਦਿਨੀ ਪੰਜਾਬ ਯੂਨਾਈਟਡ ਕਲਚਰ ਕਲੱਬ ਵੱਲੋਂ ਵਾਲੀਬਾਲ ਸ਼ੂਟਿੰਗ ਸਮੈਸਿੰਗ ਮੇਲਾ ਪੰਜਾਬਣਾਂ ਦਾ ਮੈਡੋਜ ਰੈਕ ਸੈਂਟਰ 17 ਸਟਰੀਟ ਬਾਹਰ ਗਰਾਊਂਡ ਵਿਖੇ ਧੂਮ ਧਾਮ ਨਾਲ ਕਰਵਾਇਆ ਗਿਆ। ਇਸ ਮੇਲੇ ਵਿੱਚ ਸੀਪ ਟੂਰਨਾਮੈਂਟ, ਰੱਸਾਕਸ਼ੀ, ਬੱਚਿਆਂ ਦੀਆਂ ਦੌੜਾਂ, ਲੇਡੀਜ਼ ਮਿਊਜੀਕਲ ਚੇਅਰਜ਼, ਪੰਜਾਬੀ ਮੁਟਿਆਰਾਂ ਮੁਕਾਬਲੇ, ਪਹਿਰਾਵਾ ਮੁਕਾਬਲੇ ਵੀ ਕਰਵਾਏ ਗਏ। ਇਸ ਮੇਲੇ ਵਿੱਚ ਮੁਫਤ ਪ੍ਰਵੇਸ਼ ਅਤੇ ਮੁਫਤ ਭੋਜਨ ਪਦਾਰਥਾਂ ਦੀ ਵਧੀਆ ਵਿਵਸਥਾ ਸੀ। ਦੌੜਾਂ ਤੇ ਹੋਰ ਖੇਡ ਕਿਰਿਆਵਾਂ ਵਿੱਚ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਜੇਤੂ ਰਹਿਣ ਵਾਲੇ ਸੁਖਬੀਰ, ਹਰਪ੍ਰੀਤ, ਗੁਰਵੀਰ, ਅਤੇ ਨਰਿੰਦਰ ਕੌਰ, ਸਵਰਨਜੀਤ ਕੌਰ, ਸੁਰਿੰਦਰ ਕੌਰ ਅਤੇ ਡੇਵਿਡ ਸਿੱਧੂ, ਪ੍ਰਭ ਸਿਮਰਨ, ਤੇਜਿੰਦਰ ਸਿੰਘ ਅਤੇ



ਹਰਵਿੰਦਰ ਰਾਣਾ, ਪ੍ਰੇਮ ਫੌਜੀ ਅਤੇ ਤਜਿੰਦਰ ਸਿੰਘ, ਗੁਰਦੀਪ. ਚਰਨਜੀਤ ਅਤੇ ਸ਼ੁਭਪ੍ਰੀਤ, ਅਵਨੀਤ, ਗੁਰਨੂਰ ਤੇ ਅਮਰੀਤ ਮਨਵੀਰ ਐਸ਼ਮਨ ਅਤੇ ਸ਼ਾਬੀ ਜੋਤ, ਮੰਨਣ ਕਰਨਵੀਰ ਅਤੇ ਅਨਮੋਲ ਰਣਵੀਰ, ਨਵਰਾਜ ਤੇ ਰਮਨਦੀਪ, ਜਸਪ੍ਰੀਤ, ਰਾਜਵਿੰਦਰ ਅਤੇ ਦਰਸ਼ਨ ਸਿੰਘ ਢਿੱਲੋਂ, ਕਾਲੀ ਸੰਧੂ, ਸੁਰਿੰਦਰ, ਅਠਵਾਲ ਅਤੇ ਸੰਜੀਵ ਧੋਗੜੀ, ਸੁਖਬੀਰ ਸਿੰਘ ਅਤੇ ਸਬਰ ਬੀਰ, ਨਵਰੀਤ, ਉਦੇ ਸਿੰਘ ਸ਼ੀਨਾ ਅਤੇ ਕਬੀਰ ਅਵਰਾਜ, ਗੁਣਤਾਸ ਅਤੇ ਇਕਾਂਤ, ਯੋਧ ਸ਼ਾਹਬਤ ਅਤੇ ਸਮਰਪ੍ਰੀਤ, ਸਹਜ ਪ੍ਰੀਤ, ਰਣਵੀਰ ਸਿੰਘ ਰਹੇ। ਤਾਸ਼ ਮੁਕਾਬਲੇ ਵਿੱਚ ਪਹਿਲਾ ਸਥਾਨ ਕੁਲਵਿੰਦਰ ਸਿੱਧੂ ਤੇ ਚਰਨਾ ਵਾਇਰਿੰਗ, ਦੂਸਰਾ ਸਥਾਨ ਲਾਡੀ ਸੂਰਮਾ ਤੇ ਪ੍ਰੇਮ ਬਾਵਾ, ਤੀਸਰਾ ਸਥਾਨ ਸਰਬਜੀਤ ਗਰੇਵਾਲ ਅਤੇ ਅਵਤਾਰ ਰਾਏ ਨੇ ਹਾਸਿਲ ਕੀਤਾ। ਮੇਲਾ ਮੁਟਿਆਰਾਂ ਦਾ ਵਿੱਚ ਮਨੋਰੰਜਿਤ ਤੇ ਬਾਜ਼ਾਰ ਕਿਰਿਆਵਾਂ ਵਿੱਚ ਸਥਾਨਕ ਪੰਜਾਬੀ ਭਾਈਚਾਰੇ ਦੀਆਂ ਔਰਤਾਂ ਨੇ ਪੁਰਾਣੀਆਂ ਤੇ ਨਵੀਆਂ ਬੋਲੀਆਂ ਪਾ ਕੇ ਗਿੱਧੇ ਸੱਭਿਆਚਾਰ ਆਪਣੇ ਪੰਜਾਬੀ ਵਿਰਸੇ ਨਾਲ ਜੋੜਨ ਦਾ ਸੁਚੱਜਾ ਉਪਰਾਲਾ ਕੀਤਾ। ਮੁਟਿਆਰਾਂ ਨੂੰ ਵੇਖ ਕੇ ਇੰਝ ਪ੍ਰਤੀਤ ਹੋ ਰਿਹਾ ਸੀ ਜਿਵੇਂ ਸਾਰੇ ਪੰਜਾਬ ਦਾ ਗਿੱਧਾ ਇਥੇ ਉੱਤਰ ਆਇਆ ਹੋਵੇ। ਜੇਤੂ ਖਿਡਾਰੀਆਂ ਤੇ ਉਦਮੀਆਂ ਨੂੰ ਟਰਾਫੀਆਂ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਦਿਨ ਯਾਦਗਾਰੀ ਮੇਲਾ ਹੋ ਨਿਬੜਿਆ। ਇਸ ਮੇਲੇ ਦੇ ਸੂਤਰਧਾਰ ਪ੍ਰਬੰਧਕ ਜੰਗ ਪਹਿਲਵਾਨ, ਚਰਨਜੀਤ ਸਿੰਘ ਤੇ ਗੁਰਿੰਦਰ ਸਿੰਘ ਸਿੱਧੂ, ਸਰਬਜੀਤ ਸਿੰਘ ਸਿੱਧੂ, ਕੁਲਵਿੰਦਰ ਸਿੰਘ ਸਿੱਧੂ, ਕਰਮਜੀਤ ਸਿੰਘ ਗਿੱਲ, ਕਮਲਜੀਤ ਕੌਰ ਸੰਧੂ ਨੇ ਮੇਲੇ ਦੇ ਵਧੀਆ ਪ੍ਰਬੰਧ ਨੂੰ ਚਾਰ ਚੰਨ ਲਗਾ ਦਿੱਤੇ। ਇਸ ਮੌਕੇ ਤੇ ਲੇਖਕਾਂ, ਬੁੱਧੀਜੀਵੀਆਂ ਤੇ ਪੱਤਰਕਾਰਾਂ ਨੇ ਵੀ ਸ਼ਮੂਲੀਅਤ ਕੀਤੀ। ਵਿਸ਼ੇਸ਼ ਤੌਰ ਤੇ ਮਨਜੀਤ ਸਿੰਘ ਫੇਰੂਮਾਨ, ਨਰਿੰਦਰ ਸਿੰਘ ਲੁਬਾਣਾ। ਦਲਬੀਰ ਸਿੰਘ ਰਿਆੜ, ਪਾਰਸ ਮਹੀਨੀਆਂ, ਸੁਖਦੇਵ ਸਿੰਘ, ਤਜਿੰਦਰ ਪਾਲ ਸਿੰਘ ਰਿਆੜ, ਕਰਨੈਲ ਸਿੰਘ, ਸਤਨਾਮ ਸਿੰਘ, ਕਾਰਜ ਸਿੰਘ, ਅਜੀਤ ਸਿੰਘ ਖੰਗੂੜਾ, ਪੁਰਦਮਨ ਸਿੰਘ, ਦਰਸ਼ਨ ਸਿੰਘ ਬਰਾੜ ਨੇ ਸ਼ਿਰਕਤ ਕੀਤੀ। ਮੰਚ ਸੰਚਾਲਨ ਦੇ ਫਰਜ਼ ਕਮਲਜੀਤ ਸਿੰਘ ਨੇ ਨਿਭਾਏ।

ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟ ਸੁਸਾਇਟੀ ਵਲੋਂ ਗੁਰਸੇਵਾ ਮੈਡੀਕਲ ਕਾਲਜ ਵਿਖੇ ਫੰਕਸ਼ਨ ਦਾ ਆਯੋਜਨ ਕੀਤਾ ਗਿਆ

ਚੰਡੀਗੜ੍ਹ, 8 ਸਤੰਬਰ
(ਪੈ.ਗਾਮ-ਏ-ਜਗਤ)

ਰੋਟਰੀ ਆਈ ਬੈਂਕ ਅਤੇ ਕਾਰਨੀਅਲ ਟ੍ਰਾਂਸਪਲਾਂਟ ਸੁਸਾਇਟੀ ਵਲੋਂ ਜੇ.ਬੀ. ਬਹਿਲ ਜੀ ਦੀ ਪ੍ਰਧਾਨਗੀ ਹੇਠ ਇੱਕ ਪ੍ਰਭਾਵਸ਼ਾਲੀ ਫੰਕਸ਼ਨ ਦਾ ਆਯੋਜਨ ਗੁਰਸੇਵਾ ਮੈਡੀਕਲ ਕਾਲਜ ਵਿਖੇ ਕੀਤਾ ਗਿਆ। ਜਿਸ ਵਿੱਚ ਡਾ. ਤਰਸੇਮ ਸਿੰਘ ਚੇਅਰਮੈਨ ਬੌਡੀ ਡੋਨੇਸ਼ਨ ਕਮੇਟੀ ਨੇ ਦੱਸਿਆ ਕਿ ਇਹ ਸੰਸਥਾ 1995 ਤੋਂ ਕੰਮ ਕਰ ਰਹੀ ਹੈ ਤੇ ਹੁਣ ਤੱਕ 4173 ਲੋਕਾਂ ਦੀ ਅੱਖ ਦੀ ਪੁਤਲੀ ਦਾ ਸਫਲ ਆਪ੍ਰੇਸ਼ਨ ਕਰਵਾਇਆ ਜਾ ਚੁੱਕਾ ਹੈ।

ਡਾ: ਲਖਵਿੰਦਰ ਕੁਮਾਰ ਪ੍ਰਧਾਨ ਗੜ੍ਹਸ਼ੰਕਰ ਯੂਨਿਟ ਨੇ ਦੱਸਿਆ ਕਿ ਹੁਣ ਤੱਕ ਅਸੀਂ 34 ਬਾਡੀ ਮੈਡੀਕਲ ਕਾਲਜ ਨੂੰ ਰਿਸਰਚ ਲਈ ਭੇਜ ਚੁੱਕੇ ਹਾਂ। ਸ਼੍ਰੀ ਜੇ. ਬੀ. ਬਾਹਲ ਪ੍ਰਧਾਨ ਜੀ ਨੇ ਲੋਕਾਂ ਨੂੰ ਅੱਖਾਂ ਦਾਨ



ਕਰਨ ਦੀ ਅਪੀਲ ਕੀਤੀ ਤੇ ਕਿਹਾ ਕਿ ਕਿਸੇ ਵੀ ਨਜਦੀਕ ਪਿੰਡ ਜਾਂ ਸ਼ਹਿਰ ਵਿੱਚ ਕੋਈ ਵੀ ਵਿਅਕਤੀ ਅੱਖ ਦੀ ਖਰਾਬ ਪੁਤਲੀ ਤੋਂ ਪੀੜੀਤ ਹੈ ਤਾਂ ਉਹ ਸਾਡੀ ਸੰਸਥਾ ਨਾਲ ਸੰਪਰਕ ਕਰ ਸਕਦਾ ਹੈ ਇਹ ਸੇਵਾ ਸੰਸਥਾ ਵਲੋਂ ਫ?ਰੀ ਕੀਤੀ ਜਾਂਦੀ ਹੈ।

ਪ੍ਰੋਫੈਸਰ ਦਲਜੀਤ ਸਿੰਘ ਨੇ ਕੋਰਨੀਆ ਅਤੇ ਟ੍ਰਾਂਸਪਲਾਂਟੇਸ਼ਨ ਬਾਰੇ ਜਾਣਕਾਰੀ ਬੜੇ ਵਿਸਥਾਰ ਨਾਲ ਦਿੱਤੀ ਅਤੇ ਅੱਖਾਂ ਦੀ ਸਾਂਭ ਸੰਭਾਲ ਬਾਰੇ ਵੀ ਕਾਫੀ ਮਹੱਤਵਪੂਰਨ ਜਾਣਕਾਰੀ ਸਾਂਝੀ ਦਿੱਤੀ। ਕਾਲਜ ਦੇ ਡਾਇਰੈਕਟਰ ਮੈਡਮ ਦਵਿੰਦਰ ਕੌਰ ਰਾਏ ਜੀ ਨੇ ਸਾਰੇ ਸਟਾਫ ਤੇ ਵਿਦਿਆਰਥੀਆਂ ਨੂੰ ਇਸ ਮੁਹਿੰਮ ਵਿੱਚ ਵਧ-ਚੜ੍ਹ ਕੇ ਸਹਿਯੋਗ ਦੇਣ ਲਈ ਕਿਹਾ। ਇਸ ਮੌਕੇ ਤੇ ਨਰਸਿੰਗ ਕਾਲਜ ਦੀ ਪ੍ਰਿਸੀਪਲ ਮੈਡਮ ਜਸਵੀਰ ਕੌਰ ਨੇ ਨੇਤਰਦਾਨ ਕਰਨ ਦਾ ਫਾਰਮ ਭਰਿਆ। ਇਸ ਸ਼ੁੱਭ ਅਵਸਰ ਤੇ ਸੰਸਥਾ ਵਲੋਂ ਸ਼੍ਰੀ ਜੇ. ਬੀ. ਬਹਿਲ (ਪ੍ਰਧਾਨ), ਪ੍ਰੋਫੈਸਰ ਦਲਜੀਤ ਸਿੰਘ, ਜਸਵੀਰ ਕਨਵਰ, ਕ੍ਰਿਸ਼ਨ ਕਿਸ਼ੋਰ, ਡਾ: ਲਖਵਿੰਦਰ ਸਿੰਘ ਪ੍ਰਧਾਨ ਗੜ੍ਹਸ਼ੰਕਰ ਯੂਨਿਟ, ਡਾ: ਤਰਸੇਮ ਸਿੰਘ (ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ) ਰਾਜਨ ਮੱਲ੍ਹਣ (ਕੈਸ਼ੀਅਰ), ਭੁਪਿੰਦਰ ਸਿੰਘ (ਜਨਰਲ ਸਕੱਤਰ), ਓਕਾਰ ਸਿੰਘ ਚਾਹਲਪੁਰੀ (ਸਕੱਤਰ), ਰਮਨਦੀਪ ਸਿੰਘ (ਦਫਤਰ ਸਕੱਤਰ), ਰਾਖੇਰ ਕੁਮਾਰ ਚਹੁੜਾ, ਅਤੇ ਕਾਲਜ ਵਲੋਂ ਸਮੂਹ ਸਟਾਫ ਅਤੇ ਵਿਦਿਆਰਥੀ, ਮੈਡਮ ਦਵਿੰਦਰ ਕੋਰ, ਡਾਇਰੈਕਟਰ, ਡਾ ਜੰਗ ਬਹਾਦੁਰ ਸਿੰਘ ਚੇਅਰਮੈਨ ਗੁਰਸੇਵਾ ਮੈਡੀਕਲ ਕਾਲਜ, ਕੰਵਲਦੀਪ ਕੌਰ ਵਾਇਸ ਪ੍ਰਿਸੀਪਲ, ਮੈਡਮ ਰਾਣੋ ਚਤੁਰਵੇਦੀ, ਮੈਡਮ ਹਰਜੀਤ ਕੌਰਮ ਮੈਡਮ ਰਮਨਦੀਪ ਕੌਰ, ਮੈਡਮ ਰਮਨਪ੍ਰੀਤ ਕੌਰ ਸੈਕਟਰੀ ਡਾ: ਆਰ ਖਾਨ ਸਟਾਫ ਮੈਂਬਰ ਮੌਜੂਦ ਸਨ।

ਅੰਤਰਰਾਸ਼ਟਰੀ .ਫੋਰਮ ਯੂਐੱਸਏ ਵੱਲੋਂ ਡਾ. ਐੱਸ.ਪੀ. ਸਿੰਘ ਓਬਰਾਏ ਦਾ ਵਿਸ਼ੇਸ਼ ਸਨਮਾਨ

ਪੈ.ਗਾਮ-ਏ-ਜਗਤ
ਮੈਰੀਲੈਂਡ, (ਬਲਵਿੰਦਰ ਬਾਲਮ)

ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਡਾਇਰੈਕਟਰ ਅਤੇ ਉੱਘੇ ਸਮਾਜ ਸੇਵੀ ਡਾ. ਐੱਸ.ਪੀ. ਸਿੰਘ ਓਬਰਾਏ ਨੂੰ ਸਿੱਖਿਆ, ਸਿਹਤ, ਮਨੁੱਖੀ ਸੇਵਾ ਅਤੇ ਸਮਾਜ ਭਲਾਈ ਦੇ ਖੇਤਰਾਂ ਵਿੱਚ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਲਈ ਵਿਸ਼ੇਸ਼ ਸਨਮਾਨ ਪੱਤਰ ਭੇਟ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਨੇ ਸਾਬਕਾ ਪ੍ਰਧਾਨ ਸਤਪਾਲ ਸਿੰਘ ਬਰਾੜ ਦੀ ਅਗਵਾਈ ਹੇਠ ਡਾ. ਓਬਰਾਏ ਦਾ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਸਤਪਾਲ ਸਿੰਘ ਬਰਾੜ ਨੇ ਡਾ. ਓਬਰਾਏ ਵੱਲੋਂ ਜਾਤ-ਪਾਤ, ਧਰਮ ਅਤੇ ਕੌਮੀਅਤ ਤੋਂ ਉੱਪਰ ਉੱਠ ਕੇ ਕੀਤੀ ਜਾ ਰਹੀ ਮਨੁੱਖਤਾ ਦੀ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ।

ਮੈਰੀਲੈਂਡ ਸਟੇਟ ਦੇ ਕਮਿਸ਼ਨਰ ਅਮਰਜੀਤ ਸਿੰਘ ਸੰਧੂ ਨੇ ਵੀ ਡਾ. ਓਬਰਾਏ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ। ਵਰਲਡ ਯੂਨਾਈਟਿਡ ਗੁਰੂ ਨਾਨਕ ਫਾਊਂਡੇਸ਼ਨ ਦੇ ਚੇਅਰਮੈਨ ਅਮਰ ਸਿੰਘ ਮੱਲ੍ਹੀ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਮਨੁੱਖਤਾ ਪ੍ਰਤੀ ਨਿਭਾਈਆਂ ਜਾ ਰਹੀਆਂ ਨਿਰਸਵਾਰਥ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਕੁਲਦੀਪ ਸਿੰਘ ਮੱਲ੍ਹਾ, ਪ੍ਰਤਾਪ ਸਿੰਘ ਗਿੱਲ, ਗੁਰਚਰਨ ਸਿੰਘ ਗੁਰੂ, ਬੀ.ਐੱਸ. ਰੰਧਾਵਾ, ਲਖਬੀਰ ਸਿੰਘ ਤੱਖਰ ਅਤੇ ਨਿਰਪਜੀਤ



ਸਿੰਘ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਓਬਰਾਏ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸਿੱਖਿਆ, ਸਿਹਤ ਸੇਵਾਵਾਂ ਅਤੇ ਨੌਜਵਾਨਾਂ ਨੂੰ ਪ੍ਰਸ਼ਾਸਨਿਕ ਸੇਵਾਵਾਂ ਲਈ ਤਿਆਰ ਕਰਨ ਵਾਸਤੇ ਚਲਾਈ ਜਾ ਰਹੀ ਸਿਵਲ ਸਰਵਿਸਿਜ਼ ਅਕੈਡਮੀ ਦੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਲੋਕ-ਭਲਾਈ ਪ੍ਰੋਜੈਕਟਾਂ ਰਾਹੀਂ ਅਗਲੇ ਦਸ ਸਾਲਾਂ ਵਿੱਚ ਪੰਜਾਬ ਦੇ ਨੌਜਵਾਨਾਂ ਨੂੰ ਸਮਰੱਥ ਬਣਾਉਣ, ਬੁਨਿਆਦੀ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਸਮਾਜਿਕ ਤੇ ਆਰਥਿਕ ਪੱਖੋਂ ਮਜ਼ਬੂਤ ਲੀਹਾਂ ਉੱਤੇ ਲਿਆਉਣ ਦੀ ਯੋਜਨਾ ਹੈ। ਡਾ. ਓਬਰਾਏ ਨੇ ਸਨਮਾਨ, ਪਿਆਰ ਅਤੇ ਨਿੱਘੀ ਮੇਜ਼ਬਾਨੀ ਲਈ ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਅਤੇ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ।

ਡਾ. ਓਬਰਾਏ ਦੇ ਸਨਮਾਨ ਵਿੱਚ ਅੰਤਰਰਾਸ਼ਟਰੀ ਫ਼ੋਰਮ ਯੂਐੱਸਏ ਦੇ ਚੇਅਰਮੈਨ ਡਾ. ਸੁਰਿੰਦਰ ਸਿੰਘ ਗਿੱਲ ਵੱਲੋਂ ਸ਼ਾਨਦਾਰ ਦੁਪਹਿਰ ਦੇ ਭੋਜਨ ਦਾ ਪ੍ਰਬੰਧ ਕੀਤਾ ਗਿਆ। ਸਮਾਗਮ ਦੀ ਮੀਡੀਆ ਕਵਰੇਜ ਜਸ਼ਨ ਸਿੰਘ ਅਤੇ ਸਿਰਮੁਖ ਸਿੰਘ ਮਾਨਕ ਵੱਲੋਂ ਕੀਤੀ ਗਈ।

ਸਮਾਗਮ ਦੀ ਸਮਾਪਤੀ ਮੌਕੇ ਹਾਜ਼ਰ ਆਗੂਆਂ ਨੇ ਡਾ. ਓਬਰਾਏ ਦੇ ਦੂਰਅੰਦੇਸ਼ੀ ਮਿਸ਼ਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀਆਂ ਸੇਵਾਵਾਂ ਨੂੰ ਦਇਆ, ਨਿਰਸਵਾਰਥ ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਪ੍ਰੇਰਨਾਦਾਇਕ ਮਿਸਾਲ ਦੱਸਿਆ।

ਪੰਚਾਇਤਾਂ ਲੋਕਤੰਤਰ ਦੀ ਮਜ਼ਬੂਤ ਨੀਂਹ, ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ : ਜਤਿਨ ਲਾਲ

ਊਨਾ, 8 ਸਤੰਬਰ
(ਪੈ.ਗਾਮ-ਏ-ਜਗਤ)

ਊਨਾ ਜ਼ਿਲ੍ਹੇ ਵਿੱਚ ਨਵ-ਨਿਯੁਕਤ ਪੰਚਾਇਤ ਨੁਮਾਇੰਦਿਆਂ ਨੂੰ ਪੰਚਾਇਤੀ ਰਾਜ ਪ੍ਰਣਾਲੀ, ਵਿਕਾਸ ਯੋਜਨਾਵਾਂ ਅਤੇ ਕੰਮਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਸਬੰਧੀ ਜਾਣਕਾਰੀ ਦੇਣ ਦੇ ਉਦੇਸ਼ ਨਾਲ ਸਮਰੱਥਾ ਨਿਰਮਾਣ ਅਤੇ ਬੁਨਿਆਦੀ

- **ਨਵ-ਨਿਯੁਕਤ ਪੰਚਾਇਤ ਨੁਮਾਇੰਦਿਆਂ ਲਈ ਸਮਰੱਥਾ ਨਿਰਮਾਣ ਅਤੇ ਬੁਨਿਆਦੀ ਸਿਖਲਾਈ ਵਰਕਸ਼ਾਪ ਆਯੋਜਿਤ**

ਸਿਖਲਾਈ ਵਰਕਸ਼ਾਪ ਦੇ ਪਹਿਲੇ ਪੜਾਅ ਦੀ ਸ਼ੁਰੂਆਤ ਹੋਈ। ਮੰਗਲਵਾਰ ਨੂੰ ਜ਼ਿਲ੍ਹਾ ਪਰਿਸ਼ਦ ਹਾਲ ਊਨਾ ਵਿੱਚ ਆਯੋਜਿਤ ਵਰਕਸ਼ਾਪ ਵਿੱਚ ਡਿਪਟੀ ਕਮਿਸ਼ਨਰ ਊਨਾ ਜਤਿਨ ਲਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਧੀਕ ਡਿਪਟੀ ਕਮਿਸ਼ਨਰ ਊਨਾ ਇਸ਼ਾਂਤ ਜਸਵਾਲ ਵੀ ਇਸ ਮੌਕੇ ਹਾਜ਼ਰ ਰਹੇ। ਵਰਕਸ਼ਾਪ ਵਿੱਚ ਵਿਕਾਸ ਖੰਡ ਅੰਬ ਦੀਆਂ 19 ਗ੍ਰਾਮ ਪੰਚਾਇਤਾਂ ਦੇ 143 ਨਵ-ਨਿਯੁਕਤ ਪੰਚਾਇਤ ਨੁਮਾਇੰਦਿਆਂ ਨੇ ਭਾਗ ਲਿਆ। ਇਨ੍ਹਾਂ ਵਿੱਚ 19 ਪ੍ਰਧਾਨ, 19 ਉਪ-ਪ੍ਰਧਾਨ ਅਤੇ 105 ਵਾਰਡ ਮੈਂਬਰ ਸ਼ਾਮਲ ਰਹੇ। ਦੱਸਣਯੋਗ ਹੈ ਕਿ ਜ਼ਿਲ੍ਹੇ ਦੇ ਸਾਰੇ ਵਿਕਾਸ ਖੰਡਾਂ ਦੀਆਂ ਗ੍ਰਾਮ ਪੰਚਾਇਤਾਂ ਦੇ ਨਵ-ਨਿਯੁਕਤ ਨੁਮਾਇੰਦਿਆਂ ਲਈ ਇਹ ਸਿਖਲਾਈ ਪ੍ਰੋਗਰਾਮ ਪੜਾਅਵਾਰ ਢੰਗ ਨਾਲ ਆਯੋਜਿਤ ਕੀਤਾ ਜਾਵੇਗਾ।

ਪੰਜ ਸਾਲਾਂ ਦੀ ਕਾਰਜ ਯੋਜਨਾ ਬਣਾ ਕੇ ਵਿਕਾਸ ਨੂੰ ਗਤੀ ਦਿਓ - ਡਿਪਟੀ ਕਮਿਸ਼ਨਰ

ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਕਿਹਾ ਕਿ ਪੰਚਾਇਤਾਂ ਲੋਕਤੰਤਰ ਦੀ ਮਜ਼ਬੂਤ ਨੀਂਹ ਹਨ ਅਤੇ ਪੇਂਡੂ ਵਿਕਾਸ ਦੇ ਨਾਲ-ਨਾਲ ਦੇਸ਼ ਅਤੇ



ਸੂਬੇ ਦੇ ਨਿਰਮਾਣ ਵਿੱਚ ਇਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਹੈ। ਉਨ੍ਹਾਂ ਨਵ-ਨਿਯੁਕਤ ਪੰਚਾਇਤ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੰਜ ਸਾਲਾਂ ਦੇ ਕਾਰਜਕਾਲ ਲਈ ਸਪੱਸ਼ਟ ਵਿਕਾਸ ਕਾਰਜ ਯੋਜਨਾ ਤਿਆਰ ਕਰਨ ਅਤੇ ਤਰਜੀਹਾਂ ਦੇ ਆਧਾਰ 'ਤੇ ਯੋਜਨਾਵਾਂ ਅਤੇ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮਾਂ ਸੀਮਾ ਵਿੱਚ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਪੰਚਾਇਤਾਂ ਵਿੱਚ ਸਥਾਨਕ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾਵੇ। ਇਸ ਦੇ ਨਾਲ ਹੀ ਸਥਾਨਕ ਪੱਧਰ 'ਤੇ ਮਾਲੀਆ ਪੈਦਾ ਕਰਨ ਦੀਆਂ ਸੰਭਾਵਨਾਵਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਵਿਕਸਤ ਕਰਨ ਦੀ ਦਿਸ਼ਾ ਵਿੱਚ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ, ਤਾਂ ਜੋ ਪੰਚਾਇਤਾਂ ਆਰਥਿਕ ਤੌਰ 'ਤੇ ਮਜ਼ਬੂਤ ਬਣਨ ਅਤੇ ਵਿਕਾਸ ਕਾਰਜਾਂ ਨੂੰ ਗਤੀ ਮਿਲ ਸਕੇ।

ਗ੍ਰਾਮ ਸਭਾਵਾਂ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਯਕੀਨੀ ਬਣਾਉਣ 'ਤੇ ਜ਼ੋਰ

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗ੍ਰਾਮ ਸਭਾਵਾਂ ਪੰਚਾਇਤੀ ਰਾਜ ਪ੍ਰਣਾਲੀ ਦਾ ਇੱਕ ਮਹੱਤਵਪੂਰਨ ਮੰਚ ਹਨ। ਇਸ ਲਈ ਗ੍ਰਾਮ ਸਭਾਵਾਂ ਵਿੱਚ ਵੱਧ ਤੋਂ ਵੱਧ ਪੰਚਾਇਤ ਵਾਸੀਆਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇ। ਉਨ੍ਹਾਂ ਖਾਸ ਤੌਰ 'ਤੇ ਪੰਚਾਇਤ ਦੀ ਨੌਜਵਾਨ ਪੀੜ੍ਹੀ ਨੂੰ ਗ੍ਰਾਮ ਸਭਾਵਾਂ ਅਤੇ ਵਿਕਾਸ ਪ੍ਰਕਿਰਿਆ ਨਾਲ ਜੋੜਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਵਿਚਾਰਾਂ, ਊਰਜਾ ਅਤੇ ਵਿਜ਼ਨ ਨੂੰ ਪੰਚਾਇਤ ਵਿਕਾਸ ਦੀ ਦਿਸ਼ਾ ਨਾਲ ਜੋੜਿਆ ਜਾਵੇ, ਤਾਂ ਜੋ ਪਿੰਡਾਂ ਦੇ ਵਿਕਾਸ ਲਈ ਭਵਿੱਖ ਦੀਆਂ ਲੋੜਾਂ ਦੇ ਅਨੁਸਾਰ ਯੋਜਨਾਵਾਂ ਤਿਆਰ ਕੀਤੀਆਂ ਜਾ ਸਕਣ। ਡਿਪਟੀ ਕਮਿਸ਼ਨਰ ਨੇ ਪੰਚਾਇਤ ਨੁਮਾਇੰਦਿਆਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਸੂਬਾ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦਾ ਲਾਭ ਸਮਾਜ ਦੇ ਆਖਰੀ ਪਾਇਦਾਨ 'ਤੇ ਖੜ੍ਹੇ ਵਿਅਕਤੀ ਤੱਕ ਪਹੁੰਚੇ। ਯੋਗ ਲੋਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਯੋਜਨਾਵਾਂ ਨਾਲ ਜੋੜਨਾ ਪੰਚਾਇਤ ਨੁਮਾਇੰਦਿਆਂ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ। ਜਤਿਨ ਲਾਲ ਨੇ ਹਾਜ਼ਰ ਜਨ ਨੁਮਾਇੰਦਿਆਂ ਨੂੰ ਵਰਕਸ਼ਾਪ ਦਾ ਪੂਰਾ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਿਖਲਾਈ ਰਾਹੀਂ ਪੰਚਾਇਤ ਨੁਮਾਇੰਦਿਆਂ ਨੂੰ ਪੰਚਾਇਤੀ ਰਾਜ ਪ੍ਰਣਾਲੀ, ਵਿਕਾਸ ਯੋਜਨਾਵਾਂ, ਵਿੱਤੀ ਪ੍ਰਬੰਧਨ, ਸਰਕਾਰੀ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਅਤੇ ਪੰਚਾਇਤਾਂ ਦੇ ਟਿਕਾਊ ਵਿਕਾਸ ਨਾਲ ਸਬੰਧਤ ਜ਼ਰੂਰੀ ਜਾਣਕਾਰੀ ਪ੍ਰਦਾਨ ਕੀਤੀ ਜਾ ਰਹੀ ਹੈ।